ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 14 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੨ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ 15 ਦੇ ਰਾਸ਼ਟਰਪਤੀ ਨੇ ਲਾਂਚ ਕੀਤੀ ਯੂਪੀਆਈ ਰੁਪੇ ਕਾਰਡ ਸਰਵਿਸ



**ਦੁਬਈ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਬੂ ਧਾਬੀ ਪਹੁੰਚ ਗਏ ਹਨ। ਇੱਥੇ ਪਹੁੰਚਦੇ ਹੀ ਪੀ.ਐੱਮ. ਮੋਦੀ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਹਵਾਈ ਅੱਡੇ 'ਤੇ ਪਹੁੰਚਣ 'ਤੇ ਪੀ.ਐਮ ਮੋਦੀ ਦਾ ਯੂ.ਏ.ਈ ਦੇ ਰਾਸ਼ਟਰਪਤੀ ਅਲ ਨਾਹਯਾਨ ਨੇ ਸਵਾਗਤ ਕੀਤਾ। ਦੋਹਾਂ ਨੇਤਾਵਾਂ ਨੇ ਹੱਥ ਮਿਲਾਇਆ ਅਤੇ ਇਕ ਦੂਜੇ ਨੂੰ ਗਲੇ ਲਗਾਇਆ। ਇਕ ਮੀਟਿੰਗ ਮਗਰੋਂ ਪ੍ਰਧਾਨ ਮੰਤਰੀ ਮੋਦੀ ਅਤੇ ਯੂ.ਏ.ਈ ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਏਦ ਅਲ ਨਾਹਯਾਨ ਨੇ ਆਬੂ ਧਾਬੀ ਵਿੱਚ ਯੂਪੀਆਈ ਰੁਪੇ ਕਾਰਡ ਸੇਵਾ ਦੀ ਸ਼ੁਰੂਆਤ ਕੀਤੀ।

## ਆਖਰ ਸ਼ੰਭੂ ਬਾਰਡਰ 'ਤੇ

# ਕਿਉਂ ਜ਼ਿਆਦਾ ਵਿਗੜੇ ਨੇ ਹਲਾਤ ?



**ਸ਼ੰਭੂ ਬਾਰਡਰ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਵੱਲ ਮਾਰਚ ਕਰਨ ਲਈ ਅੰਬਾਲਾ ਦੇ ਸ਼ੰਭੂ ਬਾਰਡਰ 'ਤੇ ਪੁੱਜੇ ਕਿਸਾਨਾਂ ਅਤੇ ਪੁਲਿਸ ਵਿਚਾਲੇ ਮੰਗਲਵਾਰ ਨੂੰ ਜ਼ਬਰਦਸਤ ਝੜਪ ਹੋ ਗਈ। ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਬੈਨਰ ਹੇਠ ਇਕੱਠੇ ਹੋਏ ਸੈਂਕੜੇ ਕਿਸਾਨਾਂ ਨੂੰ ਖਦੇੜਨ ਲਈ ਹਰਿਆਣਾ ਪੁਲਿਸ ਪ੍ਰਸ਼ਾਸਨ ਵੱਲੋਂ ਡਰੋਨ ਰਾਹੀਂ ਅੱਥਰੂ ਗੈਸ ਦੇ ਗੋਲੇ ਦਾਗੇ ਗਏ। ਜਿਸ ਕਾਰਨ ਹੰਗਾਮਾ ਹੋ ਗਿਆ, ਕਈ ਕਿਸਾਨ ਜ਼ਖਮੀ ਹੋ ਗਏ, ਜਦਕਿ ਵੱਡੀ ਗਿਣਤੀ ਕਿਸਾਨਾਂ ਨੂੰ ਪੁਲਿਸ ਨੇ ਹਿਰਾਸਤ 'ਚ ਲੈ ਲਿਆ। ਇਸ ਦੇ ਜਵਾਬ 'ਚ ਕਿਸਾਨਾਂ ਨੇ ਪੁਲਿਸ 'ਤੇ ਪਥਰਾਅ ਕੀਤਾ। ਕਿਸਾਨਾਂ ਨੇ ਟਰੈਕਟਰ-ਟਰਾਲੀਆਂ ਨਾਲ ਟੱਕਰ ਮਾਰ ਕੇ ਕੁਝ ਬੈਰੀਕੇਡ ਵੀ ਤੋੜ ਦਿੱਤੇ। ਕਿਸਾਨਾਂ ਨੇ ਦਰਿਆ ਦੇ ਕੰਢਿਆਂ ਨੂੰ ਉੱਚਾ ਕਰਨ ਲਈ ਲਗਾਈ ਰੇਲਿੰਗ ਨੂੰ ਵੀ ਤੋੜ ਦਿੱਤਾ ਅਤੇ ਪਾਣੀ ਵਿੱਚ ਸੁੱਟ ਦਿੱਤਾ। ਪੁਲਿਸ ਨੇ ਦਿਨ ਭਰ ਵਿੱਚ ਕਈ ਵਾਰ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡੇ।

## ਕਿਵੇਂ ਪ੍ਰਦਰਸ਼ਨ ਹੋਇਆ ਹਿੰਸਕ ?

ਜ਼ਿਕਰ ਕਰ ਦਈਏ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਸਮੇਤ ਹੋਰ ਕਈ ਮੰਗਾਂ ਨੂੰ ਲੈ ਕੇ ਦਿੱਲੀ ਤੱਕ ਮਾਰਚ ਕਰਨ ਲਈ ਮੰਗਲਵਾਰ ਨੂੰ ਸ਼ੰਭੂ ਸਰਹੱਦ 'ਤੇ ਪਹੁੰਚੇ ਕਿਸਾਨਾਂ ਨੂੰ ਹਰਿਆਣਾ ਪੁਲਿਸ ਨੇ ਸਵੇਰੇ 11.45 ਵਜੇ ਚਿਤਾਵਨੀ ਦਿੱਤੀ ਕਿ ਧਾਰਾ 144 ਲਾਗੂ ਹੈ, ਇਸ ਲਈ ਉਹ ਵੱਡੇ ਪੱਧਰ 'ਤੇ ਇਕੱਠੇ ਨਾ ਹੋਣ। ਜਿਵੇਂ ਹੀ ਉਨ੍ਹਾਂ ਨੇ ਬੈਰੀਕੇਡ ਤੋੜ ਕੇ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਨੇ ਕਈ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ। ਫਿਰ ਵੀ ਕਿਸਾਨ ਨਾ ਮੰਨੇ ਤਾਂ ਡਰੋਨ ਰਾਹੀਂ ਅੱਥਰੂ ਗੈਸ ਦੇ ਗੋਲੇ ਛੱਡੇ ਗਏ।

**ਕਈ ਕਿਸਾਨ ਹੋਏ ਜ਼ਖ਼ਮੀ :** ਇਸ ਕਾਰਵਾਈ ਨਾਲ ਕਿਸਾਨਾਂ ਵਿੱਚ ਇੱਕ ਵਾਰ ਭਗਦੜ ਮੱਚ ਗਈ। ਇਸ ਦੌਰਾਨ ਕਈ ਕਿਸਾਨ ਜ਼ਖਮੀ ਵੀ ਹੋਏ ਪਰ ਜਵਾਬ 'ਚ ਗੁੱਸੇ 'ਚ ਆਏ ਕਿਸਾਨਾਂ ਨੇ ਪੁਲਿਸ 'ਤੇ ਪਥਰਾਅ ਸ਼ੁਰੂ ਕਰ ਦਿੱਤਾ। ਇਸ ਦੌਰਾਨ ਕਿਸਾਨਾਂ ਨੇ ਟਰੈਕਟਰ-ਟਰਾਲੀਆਂ ਨਾਲ ਦੋ ਮਲਟੀ ਬੈਰੀਕੇਡ ਵੀ ਤੋੜ ਦਿੱਤੇ। ਇਹ ਸਭ ਦੇਖਦੇ ਹੋਏ ਪੁਲਿਸ ਨੇ 12.30 ਦੇ ਕਰੀਬ ਫਿਰ ਅੱਥਰੂ ਗੈਸ ਦੇ ਗੋਲੇ ਛੱਡੇ।

**ਕਿਸਾਨ ਦਿੱਲੀ ਜਾਣ ਲਈ ਬਜ਼ਿੱਦ :** ਇਸ ਵਾਰ ਕਿਸਾਨਾਂ ਨੇ ਧੂੰਏਂ ਤੋਂ ਬਚਣ ਲਈ ਇਨ੍ਹਾਂ ਗੋਲ਼ਿਆਂ 'ਤੇ ਗਿੱਲੀਆਂ ਬੋਰੀਆਂ ਪਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਤੋਂ ਬਾਅਦ ਲਗਾਤਾਰ ਝੜਪਾਂ ਹੁੰਦੀਆਂ ਰਹੀਆਂ। ਕਿਸਾਨ ਬੈਰੀਕੇਡ ਤੋੜ ਕੇ ਅੱਗੇ ਵਧਣ ਦੀ ਕੋਸ਼ਿਸ਼ ਕਰਦੇ ਰਹੇ ਅਤੇ ਪੁਲਿਸ ਨੇ ਉਨ੍ਹਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡੇ। ਹਰ ਪਾਸੇ ਫੈਲੇ ਧੂੰਏਂ ਕਾਰਨ ਕਿਸਾਨ ਬੇਚੈਨੀ ਮਹਿਸੂਸ ਕਰ ਰਹੇ ਸਨ ਪਰ ਉਹ ਅੱਗੇ ਵਧਣ 'ਤੇ ਅੜੇ ਰਹੇ। ਹਰਿਆਣਾ ਪੁਲਿਸ ਨੇ ਵੀ ਸਰਹੱਦ 'ਤੇ ਮੁਲਾਜ਼ਮਾਂ ਦੀ ਗਿਣਤੀ ਵਧਾ ਦਿੱਤੀ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਅਤੇ ਹੋਰ ਮੰਗਾਂ ਪੂਰੀਆਂ ਹੋਣ ਤੋਂ ਬਾਅਦ ਹੀ ਉਹ ਵਾਪਸ ਪਰਤਣਗੇ।

## ਕਿਸਾਨਾਂ ਦੇ ਅੰਦੋਲਨ ਕਰਕੇ ਲਾਲ ਕਿਲ੍ਹਾ ਬੰਦ, ਪਿਛਲੇ ਅੰਦੋਲਨ ਵੇਲੇ ਲਹਿਰਾਇਆ ਸੀ ਕੇਸਰੀ ਝੰਡਾ

**ਨਵੀਂ ਦਿੱਲੀ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਦੇ ਪ੍ਰਦਰਸ਼ਨ ਕਾਰਨ ਰਾਜਧਾਨੀ ਦਿੱਲੀ ਤੇ ਅਰਧ ਸੈਨਿਕ ਬਲਾਂ ਦੀ ਗਿਣਤੀ ਵਿੱਚ ਵਾਧਾ ਕੀਤਾ ਗਿਆ ਹੈ। ਇਸ ਦੇ ਚਲਦੇ ਇਤਿਹਾਸਿਕ ਲਾਲ ਕਿਲ੍ਹੇ ਨੂੰ ਵੀ ਸੁਰੱਖਿਆ ਦੇ ਮੱਦੇਨਜ਼ਰ ਬੰਦ ਕਰ ਦਿੱਤਾ ਗਿਆ ਹੈ। ਇਸ ਬਾਬਤ ਅਧਿਕਾਰੀਆਂ ਨੇ ਕਿਹਾ ਕਿ ਸੁਰੱਖਿਆ ਦੇ ਮੱਦੇਨਜ਼ਰ ਇਹ ਫ਼ੈਸਲਾ ਲਿਆ ਗਿਆ ਹੈ। ਇਸ ਦੇ ਨਾਲ ਹੀ ਕਿਹਾ ਕਿ ਇਸ ਨੂੰ ਕਦੋਂ ਖੋਲ੍ਹਿਆ ਜਾਵੇਗਾ ਇਸ ਬਾਰੇ ਫ਼ੈਸਲਾ ਵੀ ਸੁਰੱਖਿਆ ਏਜੰਸੀਆਂ ਹੀ ਲੈਣਗੀਆਂ।

**ਮੈਟਰੋ ਸਟੇਸ਼ਨਾਂ ਨੂੰ ਕੀਤਾ ਗਿਆ ਬੰਦ :** ਕਿਸਾਨਾਂ ਦੇ ਪ੍ਰਦਰਸ਼ਨ ਕਾਰਨ ਦਿੱਲੀ ਦੇ ਕਈ ਮੈਟਰੋ ਸਟੇਸ਼ਨਾਂ ਦੇ ਗੇਟਾਂ ਨੂੰ ਵੀ ਬੰਦ ਕਰ ਦਿੱਤਾ ਗਿਆ ਹੈ। ਹਾਲਾਂਕਿ ਇਨ੍ਹਾਂ ਸਟੇਸ਼ਨਾਂ ਨੂੰ ਨਹੀਂ ਬੰਦ ਕੀਤਾ ਗਿਆ ਹੈ ਤੇ ਯਾਤਰੀਆਂ ਨੂੰ ਹੋਰ ਗੇਟਾਂ ਰਾਹੀਂ ਆਉਣ ਤੇ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ। ਪੁਲਿਸ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤੇ ਸੁਰੱਖਿਆ ਦੇ ਮੱਦੇਨਜ਼ਰ ਇਨ੍ਹਾਂ ਗੇਟਾਂ ਨੂੰ ਬੰਦ ਕੀਤਾ ਗਿਆ ਹੈ। ਇਨ੍ਹਾਂ ਵਿੱਚ ਰਾਜੀਵ ਚੌਂਕ, ਮੰਡੀ ਹਾਊਸ, ਕੇਂਦਰੀ ਸਕੱਤਰਰੇਤ, ਪਾਟੇਲ ਚੌਂਕ, ਉਦਯੋਦ ਭਵਨ, ਜਨਪਥ ਤੇ ਬਾਰਾਖੰਭਾ ਰੋਡ ਉੱਤੇ ਕਈ ਗੇਟ ਬੰਦ ਕੀਤੇ ਗਏ ਹਨ।

## ਕਿਸਾਨ ਅੰਦੋਲਨ ਦਰਮਿਆਨ ਪੰਜਾਬ ਲਈ ਖ਼ਤਰੇ ਦੀ ਘੰਟੀ, ਪੈਟਰੋਲ-ਡੀਜ਼ਲ ਨੂੰ ਲੈ ਕੇ ਵਧੀ ਟੈਨਸ਼ਨ

ਕਿਸਾਨਾਂ ਵੱਲੋਂ ਚਲਾਏ ਗਏ ਅੰਦੋਲਨ ਦੌਰਾਨ ਪੰਜਾਬ ਵਿਚ ਖ਼ਤਰੇ ਘੰਟੀ ਖੜਕ ਗਈ ਹੈ। ਇਹ ਘੰਟੀ ਪੈਟਰੋਲ-ਡੀਜ਼ਲ ਦੀ ਕਿੱਲਤ ਨੂੰ ਲੈ ਕੇ ਖੜਕੀ ਹੈ। ਕਿਸਾਨਾਂ ਵੱਲੋਂ ਦਿੱਲੀ ਕੂਚ ਕਰਨ ਨੂੰ ਲੈ ਕੇ ਜਿੱਥੇ ਪੰਜਾਬ ਦੀਆਂ ਸਾਰੀਆਂ ਸਰਹੱਦਾਂ ਬੰਦ ਕਰ ਦਿੱਤੀਆਂ ਗਈਆਂ ਹਨ, ਉਥੇ ਹੀ ਹੁਣ ਸੜਕਾਂ 'ਤੇ ਚੱਲ ਰਹੇ ਇਸ ਅੰਦੋਲਨ ਕਾਰਣ ਪੰਜਾਬ ਵਿਚ ਪੈਟਰੋਲ-ਡੀਜ਼ਲ ਅਤੇ ਗੈਸ ਦੀ ਕਿੱਲਤ ਆ ਗਈ ਹੈ। ਸੂਤਰਾਂ ਮੁਤਾਬਕ ਕੱਲ੍ਹ ਦੇ ਮੁਕਾਬਲੇ ਅੱਜ ਲਗਭਗ ਡੀਜ਼ਲ 50 ਫੀਸਦ ਅਤੇ ਗੈਸ 20 ਫੀਸਦ ਤੱਕ ਪਹੁੰਚ ਗਈ ਹੈ। ਜੇਕਰ ਆਉਣ ਵਾਲੇ ਦਿਨਾਂ ਵਿਚ ਕਿਸਾਨ ਅੰਦੋਲਨ ਇਸੇ ਤਰ੍ਹਾਂ ਚੱਲਦਾ ਹੈ ਤਾਂ ਲੋਕਾਂ ਨੂੰ ਪੈਟਰੋਲ-ਡੀਜ਼ਲ ਅਤੇ ਗੈਸ ਹਾਸਲ ਕਰਨ ਵਿਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਦੂਜੇ ਪਾਸੇ ਸੜਕਾਂ 'ਤੇ ਚੱਲ ਰਹੇ ਅੰਦੋਲਨ ਕਾਰਣ ਆਵਾਜਾਈ ਵੀ ਬੁਰੀ ਤਰ੍ਹਾਂ ਪ੍ਰਭਾਵਤ ਹੋਈ ਹੈ। ਜਿਸ ਦੇ ਚੱਲਦੇ ਡੀਜ਼ਲ ਅਤੇ ਗੈਸ ਦੀ ਕਿੱਲਤ ਵੱਧ ਗਈ ਹੈ।

## ਟਰੈਕਟਰਾਂ ਨਾਲ ਧੱਕ ਕੇ ਪਾਸੇ ਕੀਤੇ ਸਰਕਾਰ ਦੇ ਬੈਰੀਕੇਡ, ਖੇਤਾਂ ਚੋਂ ਲੰਘਦੇ ਕਿਸਾਨਾਂ ਨੂੰ ਪੁਲਿਸ ਨੇ ਬਣਾਇਆ ਨਿਸ਼ਾਨਾ

ਇਸ ਮੌਕੇ ਪੁਲਿਸ ਵੱਲੋਂ ਲਾਏ ਗਏ ਬੈਰੀਕੇਡਾਂ ਨੂੰ ਵੀ ਕਿਸਾਨਾਂ ਵੱਲੋਂ ਧੱਕ ਕੇ ਪਾਸੇ ਕੀਤਾ ਜਾ ਰਿਹਾ ਹੈ। ਕਿਸਾਨ ਟਰੈਕਟਰ ਨਾਲ ਬੈਰੀਕੇਡ ਨੂੰ ਧੱਕ ਕੇ ਪਾਸੇ ਕਰ ਰਹੇ ਹਨ ਤਾਂ ਕਿ ਉਹ ਸ਼ੰਭੂ ਬਾਰਡਰ ਪਾਰ ਕਰ ਸਕਣ।

## ਆਖ਼ਰ ਕਿਉਂ ਹੋ ਰਿਹੈ ਕਿਸਾਨ ਅੰਦੋਲਨ ? ਕੇਂਦਰ ਸਰਕਾਰ ਦੇ ਸਾਹਮਣੇ ਰੱਖੀਆਂ ਇਹ ਮੰਗਾਂ

**ਚੰਡੀਗੜ੍ਹ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਵਲੋਂ ਇਕ ਵਾਰ ਮੁੜ ਦਿੱਲੀ ਨੂੰ ਘੇਰਨ ਲਈ ਤਿਆਰੀ ਕਰ ਲਈ ਹੈ। ਪੰਜਾਬ-ਹਰਿਆਣਾ ਤੋਂ ਇਲਾਵਾ ਕਈ ਹੋਰ ਸੂਬਿਆਂ ਦੇ ਕਿਸਾਨ ਵੀ ਦਿੱਲੀ ਲਈ ਕੂਚ ਕਰ ਚੁੱਕੇ ਹਨ। ਹਾਲਾਂਕਿ ਕਿਸਾਨਾਂ ਨੇ ਇਸ ਨੂੰ 'ਚਲੋ ਦਿੱਲੀ ਮਾਰਚ' ਦਾ ਨਾਂ ਦਿੱਤਾ ਹੈ ਪਰ ਇਸ ਨੂੰ ਕਿਸਾਨ ਅੰਦੋਲਨ 2.0 ਵੀ ਕਿਹਾ ਜਾ ਰਿਹਾ ਹੈ। ਦਰਅਸਲ ਇਸ ਕਿਸਾਨ ਅੰਦੋਲਨ ਦਾ ਪੈਟਰਨ 2020-21 'ਚ ਹੋਏ ਕਿਸਾਨ ਅੰਦੋਲਨ ਨਾਲ ਵੀ ਕਾਫ਼ੀ ਮਿਲਦਾ ਜੁਲਦਾ ਹੈ। ਪਿਛਲੀ ਵਾਰ ਦੀ ਤਰ੍ਹਾਂ ਹੀ ਵੱਖ-ਵੱਖ ਸੂਬਿਆਂ ਤੋਂ ਕਿਸਾਨ



ਇਸ ਅੰਦੋਲਨ 'ਚ ਸ਼ਾਮਲ ਹੋਣ ਲਈ ਆ ਰਹੇ ਹਨ। ਇਸ ਵਾਰ ਕਿਸਾਨ ਆਪਣੇ ਨਾਲ ਟਰੈਕਟਰ-ਟਰਾਲੀ ਭਰ ਰਾਸ਼ਨ ਵੀ ਆਪਣੇ ਨਾਲ ਲਿਆ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਇਸ ਵਾਰ ਕਿਸਾਨਾਂ ਦੀ ਯੋਜਨਾ ਲੰਬੇ ਸਮੇਂ ਤੱਕ ਦਿੱਲੀ ਦੇ ਵੱਖ-ਵੱਖ ਬਾਰਡਰ 'ਤੇ ਧਰਨਾ ਦੇਣ ਦਾ ਹੈ। ਹਾਲਾਂਕਿ ਪਿਛਲੀ ਵਾਰ ਦੇ ਮੁਕਾਬਲੇ ਇਸ ਵਾਰ ਸਾਰੇ ਕਿਸਾਨ ਸੰਗਠਨਾਂ ਦਾ ਸਮਰਥਨ ਪ੍ਰਾਪਤ ਨਹੀਂ ਹੋਇਆ। ਇਸ ਵਾਰ ਦੇ ਅੰਦੋਲਨ ਦੇ ਵੱਖ-ਵੱਖ ਕਿਸਾਨ ਸੰਗਠਨ ਮਿਲ ਕੇ ਆਯੋਜਿਤ ਕਰ ਰਹੇ ਹਨ। ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਨਾਲ ਕਈ ਬੈਠਕਾਂ ਵੀ ਹੋ ਚੁੱਕੀਆਂ ਹਨ ਪਰ ਅਜੇ ਵੀ ਫਾਈਨਲ ਸਹਿਮਤੀ ਨਹੀਂ ਬਣ ਪਾ ਰਹੀ ਹੈ। ਆਓ ਤੁਹਾਨੂੰ ਦੱਸਦੇ ਹਾਂ ਕਿ ਕਿਸਾਨ ਕਿਹੜੀਆਂ ਮੰਗਾਂ ਨੂੰ ਲੈ ਕੇ ਅੰਦੋਲਨ ਕਰ ਰਹੇ ਹਨ।

**ਇਨ੍ਹਾਂ ਮੰਗਾਂ ਨੂੰ ਲੈ ਕੇ ਕਿਸਾਨ ਕਰ ਰਹੇ ਹਨ ਅੰਦੋਲਨ**

1. ਸਾਰੀਆਂ ਫ਼ਸਲਾਂ ਦੀ MSP 'ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣੇ
2. ਕਿਸਾਨ-ਖੇਤ ਮਜ਼ਦੂਰਾਂ ਦਾ ਕਰਜ਼ਾ ਮੁਆਫ਼ ਹੋਵੇ, ਪੈਨਸ਼ਨ ਦਿੱਤੀ ਜਾਵੇ
3. ਲਖੀਮਪੁਰ ਖੀਰੀ ਮਾਮਲੇ 'ਚ ਦੋਸ਼ੀਆਂ ਨੂੰ ਸਜ਼ਾ ਅਤੇ ਪੀੜਤਾਂ ਨੂੰ ਨਿਆਂ ਮਿਲੇ
4. ਕਿਸਾਨ ਅੰਦੋਲਨ ਦੌਰਾਨ ਮ੍ਰਿਤਕ ਕਿਸਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ, ਸਰਕਾਰੀ ਨੌਕਰੀ ਮਿਲੇ
5. ਬਿਜਲੀ ਸੋਧ ਬਿੱਲ-2020 ਨੂੰ ਰੱਦ ਕੀਤਾ ਜਾਵੇ
6. ਕਿਸਾਨਾਂ ਨੂੰ ਪ੍ਰਦੂਸ਼ਣ ਕਾਨੂੰਨ ਤੋਂ ਬਾਹਰ ਰੱਖਿਆ ਜਾਵੇ
7. ਨਕਲੀ ਬੀਜ, ਕੀਟਨਾਸ਼ਕ ਦਵਾਈਆਂ ਅਤੇ ਖਾਦ ਵਾਲੀਆਂ ਕੰਪਨੀਆਂ 'ਤੇ ਸਖ਼ਤ ਕਾਨੂੰਨ ਬਣਾਇਆ ਜਾਵੇ।

**16 ਫਰਵਰੀ ਨੂੰ ਭਾਰਤ ਬੰਦ ਦੀ ਅਪੀਲ**

ਆਲ ਇੰਡੀਆ ਕਿਸਾਨ ਸਭਾ ਨੇ ਵੀ ਕਿਸਾਨਾਂ ਦੇ ਅੰਦੋਲਨ ਤੋਂ ਫਿਲਹਾਲ ਦੂਰੀ ਬਣਾਈ ਹੋਈ ਹੈ, ਜਦੋਂ ਕਿ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਹੇਠ 16 ਫਰਵਰੀ ਨੂੰ ਰਾਸ਼ਟਰਵਿਆਪੀ ਭਾਰਤ ਬੰਦ ਦੀ ਅਪੀਲ ਕੀਤੀ ਗਈ ਹੈ, ਜਿਸ 'ਚ ਕਈ ਕਿਸਾਨ ਅਤੇ ਮਜ਼ਦੂਰ ਪੂਰੇ ਦਿਨ ਹੜਤਾਲ ਅਤੇ ਕੰਮ ਬੰਦ ਕਰਨਗੇ। ਦੁਪਹਿਰ 12 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਦੇਸ਼ ਦੇ ਸਾਰੇ ਰਾਸ਼ਟਰੀ ਰਾਜਮਾਰਗਾਂ ਦਾ ਘਿਰਾਓ ਕੀਤਾ ਜਾਵੇਗਾ ਅਤੇ ਹਾਈਵੇਅ ਬੰਦ ਕੀਤੇ ਜਾਣਗੇ। ਆਲ ਇੰਡੀਆ ਕਿਸਾਨ ਸਭਾ ਦਾ ਕਹਿਣਾ ਹੈ ਕਿ ਸਰਕਾਰ ਨੇ ਸਵਾਮੀਨਾਥਨ ਨੂੰ ਭਾਰਤ ਰਤਨ ਦੇ ਦਿੱਤਾ ਪਰ ਉਨ੍ਹਾਂ ਦੀ ਸਿਫ਼ਾਰਿਸ਼ ਨਹੀਂ ਮੰਨੀ ਗਈ ਹੈ।

## ਕਿਸਾਨ ਅੰਦੋਲਨ ਨੂੰ ਲੈ ਕੇ ਹਾਈ ਕੋਰਟ ਪੁੱਜਾ ਮਾਮਲਾ, ਕੋਰਟ ਨੇ ਕੀਤੀ ਇਹ ਟਿੱਪਣੀ

**ਨਵੀਂ ਦਿੱਲੀ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਦੇ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਅਜਿਹੇ ਵਿਚ ਕਿਸਾਨਾਂ ਦੇ ਦਿੱਲੀ ਕੂਚ ਨੂੰ ਲੈ ਕੇ ਮੰਗਲਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚ ਸੁਣਵਾਈ ਹੋਈ। ਕਿਸਾਨ ਅੰਦੋਲਨ ਨੂੰ ਲੈ ਕੇ ਪੰਜਾਬ-ਹਰਿਆਣਾ ਹਾਈ ਕੋਰਟ 'ਚ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਹੋਈ।

ਕਿਸਾਨਾਂ ਦੇ ਪੱਖ ਵਿਚ ਜਨਹਿੱਤ ਪਟੀਸ਼ਨ ਲਾਉਣ ਵਾਲੇ ਵਕੀਲ ਉਦੈ ਪ੍ਰਤਾਫ ਸਿੰਘ ਨੇ ਕਿਹਾ ਕਿ ਜੋ ਸਰਕਾਰ ਵਲੋਂ ਬਾਰਡਰਾਂ 'ਤੇ ਬੈਰੀਕੇਡਿੰਗ ਕੀਤੀ ਗਈ ਹੈ। ਉਸ ਨੂੰ ਹਟਾਉਣ ਲਈ ਜਨਹਿੱਤ ਪਟੀਸ਼ਨ ਲਾਈ ਗਈ। ਵੀਕਲ ਨੇ ਮੰਗ ਕੀਤੀ ਕਿ ਉਨ੍ਹਾਂ ਨੂੰ ਸਰਕਾਰ ਹਟਾਏ। ਖ਼ਾਸ ਤੌਰ 'ਤੇ ਅੰਬਾਲਾ ਨੇੜੇ ਸ਼ੰਭੂ ਬਾਰਡਰ 'ਤੇ ਵੱਡੇ ਪੱਧਰ 'ਤੇ ਬੈਰੀਕੇਡਜ਼ ਅਤੇ ਸੁਰੱਖਿਆ ਕਰਮੀ ਤਾਇਨਾਤ ਕੀਤੇ ਗਏ ਹਨ। ਇਹ ਇਕ ਸ਼ਾਂਤੀਪੂਰਨ ਪ੍ਰਦਰਸ਼ਨ ਹੈ ਅਤੇ ਹੁਣ ਤੱਕ ਵੀ ਕਿਸਾਨ ਸ਼ਾਂਤੀਪੂਰਵਕ ਵਿਰੋਧ ਕਰ ਰਹੇ ਹਨ। ਲੋਕਤੰਤਰੀ ਰਾਜ ਵਿਚ ਪ੍ਰਦਰਸ਼ਨ ਇਕ ਮੌਲਿਕ ਅਧਿਕਾਰ ਹੈ।

ਹਾਈਕੋਰਟ ਨੇ ਕੇਂਦਰ, ਹਰਿਆਣਾ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਸਾਂਝੇ ਤੌਰ 'ਤੇ ਇਸ ਮੁੱਦੇ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰਨ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਕਿਸਾਨਾਂ ਨੂੰ ਪ੍ਰਦਰਸ਼ਨ ਕਰਨ ਲਈ ਦਿੱਲੀ ਵਿਚ ਜਗ੍ਹਾ ਦਿੱਤੀ ਜਾਵੇ। ਪੰਜਾਬ ਹਰਿਆਣਾ ਹਾਈ ਕੋਰਟ ਨੇ ਕਿਸਾਨ ਅੰਦੋਲਨ ਦੇ ਮੁੱਦੇ 'ਤੇ ਕੇਂਦਰ ਦੇ ਨਾਲ-ਨਾਲ ਹਰਿਆਣਾ ਅਤੇ ਪੰਜਾਬ ਸਰਕਾਰਾਂ ਤੋਂ ਸਟੇਟਸ ਰਿਪੋਰਟ ਮੰਗੀ ਹੈ। ਇਸ ਮਾਮਲੇ ਵਿਚ ਹਾਈ ਕੋਰਟ ਨੇ ਬਚਾਓ ਪੱਖ ਨੂੰ ਪਰਸੋਂ ਯਾਨੀ ਕਿ 15 ਫਰਵਰੀ ਤੱਕ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਗਿਆ ਹੈ। ਇਸ ਮਾਮਲੇ ਵਿਚ ਪੰਜਾਬ, ਹਰਿਆਣਾ, ਕੇਂਦਰ ਅਤੇ ਚੰਡੀਗੜ੍ਹ ਨੂੰ ਪ੍ਰਤੀਵਾਦੀ (Defendant) ਬਣਾਇਆ ਗਿਆ ਹੈ।

ਓਧਰ ਕੇਂਦਰ ਸਰਕਾਰ ਦੇ ਵਧੀਕ ਸਾਲਿਸਟਰ ਜਨਰਲ ਸਤਿਆਪਾਲ ਜੈਨ ਨੇ ਕਿਹਾ ਕਿ ਦੋ ਜਨਹਿੱਤ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ। ਇਕ ਕਿਸਾਨਾਂ ਦੇ ਹੱਕ ਵਿਚ ਅਤੇ ਇੱਕ ਕਿਸਾਨਾਂ ਦੇ ਵਿਰੁੱਧ। ਅਸੀਂ ਭਾਰਤ ਸਰਕਾਰ ਦੀ ਤਰਫੋਂ ਦੱਸਿਆ ਕਿ ਸਾਰੀਆਂ ਰੇਲਵੇ ਸੇਵਾਵਾਂ ਚੱਲ ਰਹੀਆਂ ਹਨ ਭਾਰਤ ਸਰਕਾਰ ਦੇ ਤਿੰਨ ਮੰਤਰੀਆਂ ਨੇ ਦੋ ਵਾਰ ਕਿਸਾਨਾਂ ਨਾਲ ਗੱਲਬਾਤ ਕੀਤੀ। ਇਕ ਕਮੇਟੀ ਬਣਾਈ ਸੀ ਅਤੇ ਇਸ ਵਿੱਚ ਕਿਸੇ ਵੀ ਕਿਸਾਨ ਯੂਨੀਅਨ ਦੇ ਮੈਂਬਰ ਨੇ ਹਿੱਸਾ ਨਹੀਂ ਲਿਆ। ਅਦਾਲਤ 'ਚ ਇਸ ਮਾਮਲੇ 'ਚ ਸੁਣਵਾਈ ਮਗਰੋਂ 15 ਫਰਵਰੀ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ। ਅਦਾਲਤ ਨੇ ਪ੍ਰਦਰਸ਼ਨ ਨੂੰ ਸਹੀ ਥਾਂ 'ਤੇ ਕਰਨ ਦਾ ਹੁਕਮ ਦਿੱਤਾ ਹੈ। ਅਸੀਂ ਕਿਹਾ ਹੈ ਕਿ ਭਾਰਤ ਸਰਕਾਰ ਕਿਸਾਨਾਂ ਨਾਲ ਗੱਲਬਾਤ ਲਈ ਹਮੇਸ਼ਾ ਤਿਆਰ ਹੈ ਅਤੇ ਇਸ ਨੂੰ ਗੱਲਬਾਤ ਰਾਹੀਂ ਹੱਲ ਕੀਤਾ ਜਾ ਸਕਦਾ ਹੈ।

ਸਰੀਰ ਦਾ ਮਰ ਜਾਣਾ ਮੌਤ ਨਹੀਂ,
ਜ਼ਮੀਰ ਦਾ ਮਰ ਜਾਣਾ ਯਕੀਨਨ ਮੌਤ ਹੈ
-ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

# ਭਾਈ ਦੀਪ ਸਿੰਘ ਸਿੱਧੂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਂਟ ਕਰਦੇ ਹਾਂ





ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
ਮੁਖ ਸੇਵਾਦਾਰ ਜੱਥਾ ਠੀਕਰੀਵਾਲ

ਕੌਮੀ ਯੋਧੇ ਭਾਈ ਦੀਪ ਸਿੰਘ ਸਿੱਧੂ ਨੂੰ ਓਨਾ ਦੀ ਦੂਜੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ ਜੀ, ਕੌਮ ਵਿੱਚ ਭਾਈ ਸਾਬ ਵਲੋਂ ਲਿਆਂਦੀ ਜਾਗ੍ਰਿਤੀ ਸਿੱਖ ਇਤਿਹਾਸ ਵਿੱਚ ਨਵੀਆਂ ਪੈੜਾਂ ਪਾ ਦਿੱਤੀਆਂ ਹਨ

ਆਵਾਜ਼ਿ ਕੌਮ
AWAZE QAUM
International Newspaper & WEB TV



ਬਿਕਰਮਜੀਤ ਸਿੰਘ
ਵੈਲੀ ਸਕੂਲ



ਸੁਖਦੀਪ ਸਿੰਘ
ਪੁਰਤਗਾਲ



ਗੁਰਬਾਜ ਸਿੰਘ
ਯੂ.ਐਸ.ਏ.



ਜਗਦੀਪ ਸਿੰਘ



ਕਵਲ
ਬੁਲਾਰੀਆ



ਰਾਜਨਬੀਰ
ਸਿੰਘ



ਸਾਜਨਪ੍ਰੀਤ
ਸਿੰਘ ਖੈਰਾ



ਸ਼ਮਸ਼ੇਰ ਸਿੰਘ
ਭੰਗੂ

--★ ਗੁਰੂ ਪੰਥ ਦੇ ਦਾਸ ★--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ

## ਮੋਤਾ ਸਿੰਘ ਟਾਹਲੀ ਜ਼ਿਲ੍ਹਾ ਹੁਸ਼ਿਆਰਪੁਰ ਕਿਸਾਨ ਮਜਦੂਰ ਸੰਘਰਸ਼ ਕਮੇਟੀ ਤੇ ਪੰਧੇਰ ਗਰੁੱਪ ਦੇ ਆਗੂ

# ਤਰਸੇਮ ਸਿੰਘ ਬਿਆਸ ਸਮੇਤ ਹੋਰ ਦਰਜਨ ਦੇ ਕਰੀਬ ਕਿਸਾਨ ਗੰਭੀਰ ਜ਼ਖਮੀਂ












ਸ਼ੰਭੂ ਬਾਰਡਰ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)-ਮੋਤਾ ਸਿੰਘ ਟਾਹਲੀ ਜ਼ਿਲ੍ਹਾ ਹੁਸ਼ਿਆਰਪੁਰ ਕਿਸਾਨ ਮਜਦੂਰ ਸੰਘਰਸ਼ ਕਮੇਟੀ ਤੇ ਪੰਧੇਰ ਗਰੁੱਪ ਦੇ ਆਗੂ ਤਰਸੇਮ ਸਿੰਘ ਬਿਆਸ ਸਮੇਤ ਹੋਰ ਦਰਜਨ ਦੇ ਕਰੀਬ ਕਿਸਾਨ ਗੰਭੀਰ ਜ਼ਖਮੀ ਹੋਏ ਹਨ। ਸਿਵਲ ਹਸਪਤਾਲ ਰਾਜਪੁਰਾ ਦੇ ਐਸਐਮਓ ਡਾ: ਬਿਧੀ ਚੰਦ ਨੇ ਦੱਸਿਆ ਕਿ ਸੰਭੂ ਬੈਰੀਅਰ ਤੋਂ ਲਗਾਤਾਰ ਐਬੂਲੈਸਾਂ ਦੇ ਰਾਹੀ ਜਖਮੀ ਕਿਸਾਨਾਂ ਨੂੰ ਇਲਾਜ ਦੇ ਲਈ ਲਿਆਂਦਾ ਜਾ ਰਿਹਾ ਹੈ ਜਿੱਥੇ ਕਿਸਾਨਾਂ ਦੇ ਲਈ 24 ਘੰਟੇ ਸਪੈਸ਼ਲ ਐਮਰਜੰਸੀ ਸੇਵਾਵਾਂ ਚਲਾਈਆਂ ਜਾ ਰਹੀਆਂ ਹਨ।

# ਪੀ ਬੀ ਐੱਸ ਕਲਾਥ ਹਾਊਸ ਚੌਕ ਮਹਿਤਾ ਦਾ ਹੋਇਆ ਉਦਘਾਟਨ



**ਚੌਕ ਮਹਿਤਾ, 13 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੇ ਸਮਾਜ ਸੇਵੀ ਪੀ, ਬੀ, ਐੱਸ, ਦੇ ਮਾਲਕ ਸ, ਬਲਕਾਰ ਸਿੰਘ, ਬਾਠ ਸ ,ਪਰਮਜੀਤ ਸਿੰਘ ਬਾਠ, ਸ, ਸਤਨਾਮ ਸਿੰਘ ਬਾਠ ਵੱਲੋਂ , ਕਸਬਾ ਮਹਿਤਾ ਚੌਂਕ ਅੰਮ੍ਰਿਤਸਰ ਰੋਡ ਤੇ ਨਵਾਂ ਪੀ ,ਬੀ,ਐੱਸ, ਕਲਾਥ ਹਾਉਸ ਦਾ ਉਦਘਾਟਨ ਕੀਤਾ ਗਿਆ,ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪੁ ਕਰਵਾਏ ਗਏ ।ਉਪੰਰਤ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਅਤੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਵਾਲਿਆ ਵੱਲੋਂ ਜਥੇਦਾਰ ਬਾਬਾ ਬੋਹੜ ਸਿੰਘ,ਜਥੇਦਾਰ ਭਾਈ ਪਰਕਾਸ਼ ਸਿੰਘ ਅਤੇ ਹਲਕਾ ਸ੍ਰੀ ਹਰਗੋਬਿੰਦ ਪੁਰ ਸਾਹਿਬ ਜੀ ਦੇ ਐਮ, ਐਲ, ਏ ਸ, ਐਡਵੋਕੇਟ ਅਮਰਪਾਲ ਸਿੰਘ ਜੀ ਨੇ, ਸਾਂਝੇ ਤੌਰ ਤੇ ਵੱਲੋਂ ਉਦਘਾਟਨ ਕੀਤਾ ਗਿਆ। ਇਸ ਦੌਰਾਨ ਭਾਈ ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ , ਹਲਕਾ ਸ੍ਰੀ ਹਰਗੋਬਿੰਦ ਸਾਹਿਬ ਦੇ ਐਮ, ਐਲ, ਏ, ਸ, ਐਡਵੋਕੇਟ ਅਮਰਪਾਲ ਸਿੰਘ,ਤੇਜਿੰਦਰ ਸਿੰਘ ਧਾਰੀਵਾਲ, ਨਰਭਿੰਦਰ ਪੀ,ਏ,ਭੁਪਿੰਦਰ ਸਿੰਘ ਖਾਲਸਾ, ਕਿਸਾਨ ਆਗੂ ਸੁਖਦੇਵ ਸਿੰਘ ਚੀਮਾ ਖੂੰਡੀ,ਗੁਰਮੀਤ ਸਿੰਘ ਮਾਨ,ਚੇਅਰਮੈਨ ਜਗਦੇਵ ਸਿੰਘ ਉਦੋਨੰਗਲ,,ਇਕਬਾਲ ਸਿੰਘ ਸਾਹ ਮਹਿਤਾ,ਐਮ, ਐਲ, ਏ ਅਮਰਪਾਲ ਸਿੰਘ ਦਾ ਭਰਾ ਅਮਰੀਕ ਸਿੰਘ,ਪੀ,ਏ ਸੁਖਦੇਵ ਸਿੰਘ ਰੋਮੀ, ਕਰਮਜੀਤ ਸਿੰਘ ਧਾਰੀਵਾਲ, ਅਜੀਤ ਸਿੰਘ ਡੁੱਬਈ,ਅਰਵਿੰਦਰ ਕੁਮਾਰ ਟੀਟੂ ਸਾਹ, ਰਾਜਬੀਰ ਸਿੰਘ ਉਦੋਨੰਗਲ, ਜਤਿੰਦਰ ਸਿੰਘ ਲੱਧਾ ਮੁੰਡਾ, ਪਰਮਬੀਰ ਸਿੰਘ ਬਾਠ ਡੁੱਬਈ, ਸਹਿਜਪਾਲ ਸਿੰਘ ਬਾਠ ਡੁੱਬਈ, ਸਤਪਾਲ ਸਿੰਘ ਬਾਠ,ਜਸਦੀਪ ਸਿੰਘ ਬਾਠ, ਜਗਦੀਪ ਸਿੰਘ ਬਾਠ,ਨਰਿੰਦਰ ਸਿੰਘ ਬਾਠ ਜਾਣ ਕਾਰੀ ਦਿੰਦਿਆਂ ਪੀ, ਬੀ ਐਸ, ਮੋਲ ਦੇ ਮਾਲਕ ਸ, ਪਰਮਜੀਤ ਸਿੰਘ, ਬਾਠ ਸ,ਬਲਕਾਰ ਸਿੰਘ, ਬਾਠ ਸ, ਸਤਨਾਮ ਸਿੰਘ ਬਾਠ ਨੇ ਦੱਸਿਆ ਕਿ ਉਦਘਾਟਨ ਸਮੇ ਰਾਜਨੀਤਕ, ਧਾਰਮਿਕ,ਸਮਾਜ ਸੇਵਕ ਅਤੇ ਇਲਾਕੇ ਦੇ ਬਹੁਤ ਗਿਣਤੀ ਵਿੱਚ ਪੱਤਵੰਤੇ ਸਜਨ ਮਹਾਨ ਹਸਤੀਆਂ ਪਾਉਂਦੀਆਂ।

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

## ਧੰਨ-ਧੰਨ 108

# ਸ਼੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ

# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ

ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।

18-2-2024 ਦਿਨ ਐਤਵਾਰ

ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ

ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।


ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।

ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ :-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681



ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ

ੴ ਗੁਰੂਘਰ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ ੴ

ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਸੁਚੱਜੀ ਦੇਖ ਰੇਖ ਹੇਠ

# ਸਲਾਨਾ ਗੁਰਮਤਿ ਸਮਾਗਮ

## 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ: ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

## ਅਨੰਦ ਕਾਰਜ ਅਤੇ ਗੁਰਮਤਿ ਸਮਾਗਮ

ਮਿਤੀ 18 ਫਰਵਰੀ 2024
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ

ਸਭਾਗੀਆਂ 21 ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਆਵਾਜ਼ਿ ਕੌਮ AWAZE QAUM International Newspaper & WEB TV

ਸਤਿਕਾਰਯੋਗ ਸੰਤ ਮਹਾਂਪੁਰਖ ਸਮਾਗਮ ਵਿੱਚ 21 ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ



| | | | | | | | | |
|---|---|---|---|---|---|---|---|---|
| ਬਾਬਾ ਜਗਤਾਰ ਸਿੰਘ ਸਿਰਸਾ ਕਾਰ ਸੇਵਾ ਵਾਲੇ | ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ ਵਾਲੇ | ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ | ਸੰਤ ਸੁੱਖਾ ਸਿੰਘ ਮੁਖੀ ਸੰਪਰਦਾਇ ਸਰਹਾਲੀ ਸਾਹਿਬ | ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਵਾਲੇ | ਸੰਤ ਹਾਕਮ ਸਿੰਘ ਸਰਹਾਲੀ ਸਾਹਿਬ ਵਾਲੇ | ਸੰਤ ਸੁੱਖਾ ਸਿੰਘ ਕਾਰ ਸੇਵਾ ਕਰਨਾਲ ਵਾਲੇ | ਸੰਤ ਮਨਮੋਹਨ ਸਿੰਘ ਬਾਰਨ ਵਾਲੇ | ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ |



| | | | | | | | | |
|---|---|---|---|---|---|---|---|---|
| ਸੰਤ ਹਰੀ ਸਿੰਘ ਨਾਨਕਸਰ ਜੀਰੇ ਵਾਲੇ | ਸੰਤ ਪ੍ਰੀਤਮ ਸਿੰਘ ਰਾਜਪੁਰਾ ਵਾਲੇ | ਸੰਤ ਰਣਜੀਤ ਸਿੰਘ ਸੇਵਾਪੰਥੀ ਕਲਾਨੌਰ ਵਾਲੇ | ਸੰਤਰੇਨ ਬਾਬਾ ਲਖਬੀਰ ਸਿੰਘ ਲਲੌਂਡੇ ਵਾਲੇ | ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਵਾਲੇ | ਬਾਬਾ ਭਗਵੰਤ ਸਿੰਘ ਢੀਂਡਸੇ ਵਾਲੇ | ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ | ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ | ਸੰਤ ਗੁਰਪਾਲ ਸਿੰਘ 18 ਐਫ ਰਾਜਸਥਾਨ ਵਾਲੇ |



| | | | | | | | | |
|---|---|---|---|---|---|---|---|---|
| ਬਾਬਾ ਹਰਜਿੰਦਰ ਸਿੰਘ ਬਲਾਚੌਰ ਵਾਲੇ | ਸੰਤ ਸੁਖਦੇਵ ਸਿੰਘ ਨਾਨਕਸਰ ਪਟਿਆਲਾ ਵਾਲੇ | ਬਾਬਾ ਲਾਲ ਸਿੰਘ ਭੀਖੀ ਵਾਲੇ | ਬਾਬਾ ਜੀਵਨ ਸਿੰਘ ਚੁਨਾਗਰੇ ਵਾਲੇ | ਬਾਬਾ ਸੁਖਵਿੰਦਰ ਸਿੰਘ ਘੱਗਾ ਵਾਲੇ | ਬਾਬਾ ਨਾਇਬ ਸਿੰਘ ਬਹਾਦੁਰਗੜ੍ਹ ਵਾਲੇ | ਬਾਬਾ ਜਗਜੀਤ ਸਿੰਘ ਜੀ ਕਕਰਾਲੇ ਵਾਲੇ | ਬਾਬਾ ਜਗੀਰ ਸਿੰਘ ਕਾਹਨੂੰਵਾਨ ਛੰਭ ਵਾਲੇ | ਬਾਬਾ ਪ੍ਰਿਤਪਾਲ ਸਿੰਘ ਮਲੇਸ਼ੀਆ ਵਾਲੇ |



| | | | | | | | |
|---|---|---|---|---|---|---|---|
| ਬਾਬਾ ਗੁਰਪ੍ਰੀਤ ਸਿੰਘ ਮੋਹਲਗੜ੍ਹ ਵਾਲੇ | ਬਾਬਾ ਗੁਰਸੇਵਕ ਸਿੰਘ ਕਲਿਆਣ ਵਾਲੇ | ਬਾਬਾ ਸਰਬਜੋਤ ਸਿੰਘ ਪਟਿਆਲਾ ਵਾਲੇ | ਬਾਬਾ ਬਲਵਿੰਦਰ ਸਿੰਘ ਚਾਂਗਲੀ ਵਾਲੇ | ਬਾਬਾ ਦਰਸ਼ਨ ਸਿੰਘ ਟੌਹੜਾ ਮੁਲੇਪੁਰ ਵਾਲੇ | ਬਾਬਾ ਅਰਜਨ ਸਿੰਘ ਲਹਿਰੀ ਵਾਲੇ | ਬਾਬਾ ਕਰਤਾਰ ਸਿੰਘ ਤਿਲੋਕੇਵਾਲੇ | ਬਾਬਾ ਸਤਨਾਮ ਸਿੰਘ 34 ਸਿੰਘ ਸ਼ਹੀਦਾਂ ਵਾਲੇ |



ਜਥੇਦਾਰ ਬਲਜੀਤ ਸਿੰਘ ਦਾਦੂਵਾਲ,
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜਿ)
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ: ਸੁਖ ਸੇਵਾ ਸਿਮਰਨ ਟਰੱਸਟ (ਰਜਿ.), ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਅਤੇ ਸਮੂੰਹ ਸਾਧ ਸੰਗਤ ਦਾਦੂ ਸਾਹਿਬ ਸਿਰਸਾ ਹਰਿਆਣਾ | 93560-60960




# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ ਸਜਾਇਆ





**ਫ਼ਿਰੋਜ਼ਪੁਰ, 13 ਫਰਵਰੀ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਹ ਮਹਾਨ ਨਗਰ ਕੀਰਤਨ ਦੀ ਦੇਖ—ਰੇਖ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਦੀ ਦੇਖ—ਰੇਖ ਹੇਠ ਚਲਿਆ। ਇਸ ਮਹਾਨ ਨਗਰ ਕੀਰਤਨ ਵਿਚ ਬਹੁਤ ਲੰਮੀਆਂ ਕਤਾਰਾਂ ਵਿਚ ਟਰੈਕਟਰ ਟਰਾਲੀਆਂ, ਕਾਰਾਂ, ਜੀਪਾਂ, ਬੱਸਾਂ ਆਦਿ ਚਲਿਆ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਤੋਂ ਪ੍ਰਾਰੰਭ ਹੋ ਕੇ ਪਿੰਡ ਮੁਰਕਵਾਲਾ, ਟਿੱਬੀ ਕਲਾਂ, ਕੜਮਾ, ਨਵਾਂ ਕਿਲੀ, ਕਿਲੀ ਜਿਥੇ ਸੰਗਤਾਂ ਨੂੰ ਲੰਗਰ ਛਕਾਇਆ ਗਿਆ, ਜਿਸ ਤੋਂ ਉਪਰੰਤ ਸੋਢੀ ਵਾਲਾ, ਡੋਡ, ਪੀਰ ਕੇ, ਭੂਰੇ ਖੁਰਦ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਟਿੱਬੀ ਖੁਰਦ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਰੋਡੇਵਾਲਾ, ਵਾਹਕੇ, ਮੱਲਾਂ ਕਰੀ, ਲੱਖਾ ਹਾਜੀ, ਨਿਆਜੀਆਂ, ਕਾਕੜ ਪਿੰਡਾਂ ਵਿਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਨਾਨਕਸਰ ਠਾਠ ਛਾਗਾ ਖੁਰਦ ਵਿਖੇ ਪਹੁੰਚਿਆ ਅਤੇ ਸ਼ਾਮ ਦਾ ਲੰਗਰ ਨਾਨਕਸਰ ਢਾਣੀਆ ਦੀ ਸੰਗਤ ਵੱਲੋਂ ਛਕਾਇਆ। ਇਸ ਮੌਕੇ ਤੇ ਬਾਬਾ ਨੰਦ ਸਿੰਘ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੀ ਪਾਰਟੀ ਨੇ ਤਕੇ ਦੇ ਜ਼ੌਹਰ ਵਿਖਾਏ ਜਿਸ ਨੂੰ ਵੇਖ ਕੇ ਸੰਗਤਾਂ ਵਾਹ—ਵਾਹ ਕਰ ਉਠੀਆਂ, ਜਿਸ ਦੀ ਕਮਾਨ ਭਾਈ ਗੁਰਮੇਲ ਸਿੰਘ ਅਰਜਨ ਨੇ ਬਹੁ ਵਧੀਆ ਨਿਭਾਈ। ਇਸ ਤੋਂ ਇਲਾਵਾ ਬੈਂਡ ਵਾਜਿਆਂ ਦੀ ਪਾਰਟੀ ਨੇ ਸੰਗਤਾਂ ਦਾ ਖੂਬ ਮਨੋਰੰਜਨ ਕੀਤਾ। ਇਸ ਮੌਕੇ ਤੇ ਭਾਈ ਹਰਨਾਮ ਸਿੰਘ ਰਾਗੀ ਜਥਿਆਂ ਨੇ ਸਾਰਾ ਦਿਨ ਸੰਗਤਾਂ ਨੂੰ ਗੁਰੂ ਇਤਿਹਾਸ ਸੁਨਾਇਆ। ਇਸ ਮੌਕੇ ਤੇ ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਫੱਖਰ ਸਿੰਘ ਨੇ ਕਾਰਾਂ, ਜੀਪਾਂ ਨੂੰ ਲਾਈਨ ਵਿਚ ਲਾਉਣ ਦੀ ਸੇਵਾ ਕੀਤੀ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਵੀ ਸਾਰਾ ਦਿਨ ਸੰਗਤਾਂ ਦੀ ਸੇਵਾ ਕੀਤੀ। ਇਸ ਮਹਾਨ ਨਗਰ ਕੀਰਤਨ ਵਿਚ ਸੰਗਤਾਂ ਵੱਲੋਂ ਚਾਹ ਦਾ ਲੰਗਰ, ਫਰੂਟ ਦਾ ਲੰਗਰ, ਖੀਰ ਦਾ ਲੰਗਰ ਅਤੇ ਹੋਰ ਅਨੇਕਾਂ ਲੰਗਰ ਥਾਂ—ਥਾਂ ਤੇ ਲਾਏ ਹੋਏ ਸੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ 15 ਫਰਵਰੀ 2024 (3 ਫੱਗਣ) ਦਿਨ ਵੀਰਵਾਰ ਨੂੰ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਵੀ ਕਰਵਾਏ ਜਾ ਰਹੇ ਹਨ, ਸੰਗਤਾਂ ਨੂੰ ਬੇਨਤੀ ਹੈ ਕਿ ਸੰਗਤਾਂ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂ ਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ।



ਆਵਾਜ਼ਿ ਕੌਮ AWAZE QAUM International Newspaper & WEB TV

# ਡੈਂਗੂ ਬੁਖਾਰ,ਮਲੇਰੀਆ ਅਤੇ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਓ ਬਾਰੇ ਜਾਣਕਾਰੀ ਦਿੱਤੀ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾ ਦੇ ਹੁਕਮਾਂ ਅਤੇ ਐਸ ਐਮ ਓ ਡਾਕਟਰ ਮਹੁੰਮਦ ਆਖਤਰ ਜੀ ਦੀ ਯੋਗ ਅਗਵਾਈ ਅਤੇ ਸ੍ਰੀ ਹਰਦੇਵ ਸਿੰਘ ਏ ਐਮ ਓ ਅਤੇ ਅਸ਼ੋਕ ਕੁਮਾਰ ਐਸ ਆਈ ,ਅਮਰੀਕ ਸਿੰਘ ਮਪ,ਹ,ਵ (ਮ) ਨੇ ਵਿੱਚ ਪਿੰਡ ਬੇਨੜਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ਜਿਸ ਲੋਕਾਂ ਨੂੰ ਘਰ ਘਰ ਜਾ ਕੇ ਸਵਾਈਨ ਫਲੂ ਅਤੇ ਡੈਂਗੂ ਬੁਖਾਰ,ਮਲੇਰੀਆ ਬੁਖਾਰ ਅਤੇ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਓ ਬਾਰੇ ਜਾਣਕਾਰੀ ਦਿੱਤੀ ਗਈ । ਐਸ ਆਈ ਅਸੋਕ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ ਦੀ ਸਿਹਤ ਨੂੰ ਮੁੱਖ ਰਖਦੇ ਹੋਏ ਪਾਣੀ ਦੇ ਸੈਪਲ ਲੈ ਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਸੰਗਰੂਰ ਵਿਖੇ ਭੈਜੇ ਗਏ ਤਾਂ ਜੋ ਪਾਣੀ ਦੀ ਸ਼ੁੱਧਤਾ ਅਤੇ ਪੀਣਯੋਗ ਹੋਣ ਬਾਰੇ ਪਤਾ ਲੱਗ ਸਕੇ ਕਿਉਂਕਿ ਪਾਣੀ ਸ਼ੁੱਧ ਨਾ ਹੋਣ ਕਾਰਨ ਦਸਤ ਰੋਗ,ਹੈਜ਼ਾ,ਪੀਲੀਆਂ,ਟਾਈਫਾਈਡ,ਪੇਟ ਦੇ ਕੀੜੇ ਆਦਿ ਤੋਂ ਬਚਾਇਆ ਜਾ ਸਕੇ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ 'ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ 'ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।




# ਕਿਸਾਨ ਮਜ਼ਦੂਰ ਮੋਰਚੇ ਦੇ ਸਹਿਯੋਗ ਲਈ ਮਿਸਲ ਸਤਲੁਜ ਵੱਲੋਂ ਜੱਥਾ ਰਵਾਨਾ





ਫ਼ਿਰੋਜ਼ਪੁਰ, 13 ਫਰਵਰੀ (ਮਨੋਹਰ ਲਾਲ) :— ਕਿਸਾਨ ਮਜ਼ਦੂਰ ਮੋਰਚਾ ਵੱਲੋਂ 13 ਤਰੀਕ ਨੂੰ ਦਿੱਲੀ ਚੱਲੋ ਦੇ ਸੱਦੇ ਦੇ ਸਹਿਯੋਗ ਲਈ ਮਿਸਲ ਸਤਲੁਜ ਵੱਲੋਂ ਪਿੰਡ ਸੁਲਹਾਨੀ ਤੋਂ ਮਨਿੰਦਰ ਸਿੰਘ ਜਟਾਣਾ ਦੀ ਅਗਵਾਈ ਵਿੱਚ ਸ਼ੰਭੂ ਬਾਡਰ ਲਈ ਜੱਥਾ ਰਵਾਨਾ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨਾਂ ਨੇ ਕਿਹਾ ਕਿ ਕਿਸਾਨ ਅਤੇ ਮਜ਼ਦੂਰਾਂ ਦੀਆਂ ਮੰਗਾਂ ਬਹੁਤ ਜਾਇਜ ਹਨ ਅਤੇ ਮੋਦੀ ਸਰਕਾਰ ਦਾ ਫਰਜ ਬਣਦਾ ਕਿ ਉਨ੍ਹਾਂ ਨੂੰ ਜਲਦ ਪੂਰੀਆਂ ਕਰੇ ਜਿਸ ਵਿੱਚੋਂ ਬਹੁਤੀਆਂ ਉੱਪਰ ਤਾਂ ਸਰਕਾਰ ਪਹਿਲਾਂ ਹੀ ਵਾਅਦੇ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਖੁਦ ਗੁਜਰਾਤ ਦੇ ਮੁੱਖ ਮੰਤਰੀ ਹੋਣ ਸਮੇਂ ਸਵਾਮੀਨਾਥਨ ਰਿਪੋਰਟ ਦੇ ਹੱਕ ਚ ਲਿਖਕੇ ਕੇਂਦਰ ਨੂੰ ਭੇਜਦੇ ਰਹੇ ਹਨ, ਅਗਰ ਪਿਛਲੇ ਦੱਸ ਸਾਲਾਂ ਵਿੱਚ ਕਾਰਪੋਰੇਟਾਂ ਦਾ 12 ਲੱਖ ਕਰੋੜ ਮਾਫ ਕੀਤਾ ਜਾ ਸਕਦਾ ਤਾਂ ਮੁਲਖ ਦਾ ਢਿੱਡ ਭਰਨ ਵਾਲੇ ਕਿਸਾਨ ਅਤੇ ਮਜ਼ਦੂਰ ਦਾ ਕਿਉਂ ਨਹੀਂ ਕਰਜ਼ਾ ਮਾਫ ਹੋ ਸਲਦਾ। ਦਿੱਲੀ ਨੂੰ ਰਵਾਨਾ ਹੋਣ ਵਾਲੇ ਜੱਥੇ ਵਿੱਚ ਗੁਰਮੀਤ ਸਿੰਘ, ਗੁਰਦੀਪ ਸਿੰਘ, ਇਕਬਾਲ ਸਿੰਘ, ਮਹਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਨਟੂ ਸਿੰਘ, ਕਰਤਾਰ ਸਿੰਘ, ਜਸਕਰਨ ਸਿੰਘ ਅਦਿ ਸ਼ਾਮਲ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਸਕੂਲੀ ਬੱਚਿਆਂ ਨੂੰ ਵੰਡੀਆਂ ਕਾਪੀਆਂ



ਫ਼ਿਰੋਜ਼ਪੁਰ, 13 ਫਰਵਰੀ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਹਬੀਬ ਕੇ ਵਿਖੇ ਸਾਰੇ ਬੱਚਿਆਂ ਨੂੰ ਮੁਫਤ ਕਾਪੀਆਂ ਵੰਡੀਆਂ। ਇਸ ਸਮੇਂ ਡਾਕਟਰ ਦੀਵਾਨ ਚੰਦ ਸੁਖੀਜਾ, ਵਿਜੈ ਕੁਮਾਰ ਅਤੇ ਸਕੂਲ ਸਟਾਫ ਵਿਸ਼ੇਸ਼ ਤੌਰ ਤੇ ਹੈਡ ਮਾਸਟਰ ਸੁਧੀਰ ਵੀ ਹਾਜ਼ਰ ਸਨ। ਸਕੂਲ ਮੈਨੇਜਮੈਂਟ ਨੇ ਇਸ ਨੇਕ ਕੰਮ ਲਈ ਸੁਸਾਇਟੀ ਦਾ ਧੰਨਵਾਦ ਕੀਤਾ।

## ਅਕਾਲੀ ਦਲ ਦੀ ” ਪੰਜਾਬ ਬਚਾਓ ਯਾਤਰਾ “ ਨੌਜਵਾਨ ਵਧ ਚੜ ਕੇ ਹਿੱਸਾ ਲੈ ਰਹੇ ਹਨ: ਗੁਰਮੇਲ ਸਿੰਘ ਨੌਧਰਾਨੀ



ਮਾਲੇਰਕੋਟਲਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਚ ਅੰਮ੍ਰਿਤਸਰ ਦੇ ਅਟਾਰੀ ਬਾਰਡਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਕੱਢੀ ਜਾ ਰਹੀ ” ਪੰਜਾਬ ਬਚਾਓ ਯਾਤਰਾ “ ਪੰਜਾਬ ਵਿੱਚ ਨਵਾਂ ਸੰਕਲਪ ਲੈ ਕੇ ਆਵੇਗੀ। ਜਿਸ ਦਾ ਪੰਜਾਬ ਦੇ ਨੌਜਵਾਨ ਵਧ ਚੜ ਕੇ ਹਿੱਸਾ ਲੈ ਰਹੇ ਹਨ । ਪੰਜਾਬ ਬਚਾਓ ਯਾਤਰਾ ਦਾ ਹਰ ਜਗਾ ਤੇ ਪੂਰੇ ਜੋਸ ਨਾਲ ਭਰਮਾਂ ਸਵਾਗਤ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਸ,ਗੁਰਮੇਲ ਸਿੰਘ ਨੌਧਰਾਨੀ ਨੇ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀਆਂ ਸਾਰੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰੇਗਾ ਕਿਉਂਕਿ ਅਕਾਲੀ ਦਲ ਦੀਆਂ ਹੋ ਰਹੀਆਂ ਮੀਟਿੰਗਾਂ ਤੋਂ ਅੰਦਾਜਾਂ ਲਗਾਇਆ ਜਾ ਸਕਦਾ ਹੈ ਜੋ ਕਿ ਰੈਲੀਆਂ ਦਾ ਰੂਪ ਧਾਰਨ ਕਰ ਰਹੀਆ ਹਨ।

### ਅੰਮ੍ਰਿਤਸਰ ਦੇ ਮੁੱਖ ਦੁਆਰ ਗੋਲਡਨ ਗੇਟ ਦੀ ਹੋਈ ਖਸਤਾ ਹਾਲਤ

# ਸੋਨੂੰ ਜੰਡਿਆਲਾ ਨੇ ਮਾਮਲਾ ਐਮ.ਪੀ ਔਜਲਾ ਦੇ ਧਿਆਨ 'ਚ ਲਿਆਂਦਾ






**ਸ੍ਰੀ ਅੰਮ੍ਰਿਤਸਰ ਸਾਹਿਬ, 13 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰੂ ਨਗਰੀ ਅੰਮ੍ਰਿਤਸਰ ਦੇ ਮੁੱਖ ਦਵਾਰ ਗੋਲਡਨ ਗੇਟ ਜਿਸ ਦੇ ਆਲੇ ਦੁਆਲੇ ਦੀ ਹਾਲਤ ਬਹੁਤ ਹੀ ਖਸਤਾ ਹੋਈ ਪਈ ਹੈ ਅਤੇ ਗੋਲਡਨ ਗੇਟ ਦਾ ਰੰਗ ਵੀ ਉਤਰਨਾ ਸ਼ੁਰੂ ਹੋ ਗਿਆ ਹੈ ਤੇ ਗੇਟ ਨੂੰ ਜੰਗਾਲ ਵੀ ਲੱਗ ਚੁੱਕਾ ਹੈ। ਇਹ ਜਾਣਕਾਰੀ ਉੱਘੇ ਸਮਾਜ ਸੇਵਕ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਪੱਤਰਕਾਰਾਂ ਨਾਲ ਸਾਂਝੀ ਕਰਦਿਆ ਦੱਸਿਆ ਕਿ ਗੋਲਡਨ ਗੇਟ ਦੇ ਚਾਰੇ ਪਿੱਲਰਾਂ 'ਤੇ ਸਲਾਬ ਆ ਚੁੱਕੀ ਹੈ ਅਤੇ ਉੱਥੇ ਲੱਗੀਆਂ ਪੁਰਾਣੀਆਂ ਇੱਟਾਂ ਵੀ ਝੜਨੀਆਂ ਸ਼ੁਰੂ ਹੋ ਗਈਆਂ ਹਨ, ਪਰ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਕੁੰਭ ਕਰਨੀ ਦੀ ਨੀਂਦ ਸੁੱਤਾ ਪਿਆ ਹੈ। ਸੋਨੂੰ ਜੰਡਿਆਲਾ ਨੇ ਦੱਸਿਆ ਕਿ ਦੇਸ਼ਾ-ਵਿਦੇਸ਼ਾ ਤੋਂ ਲੋਕ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਿਰ, ਜਲ੍ਹਿਆਂ ਵਾਲਾ ਬਾਗ, ਵਾਹਗਾ ਬਾਰਡਰ ਅਤੇ ਹੋਰ ਇਤਿਹਾਸਕ ਥਾਵਾਂ ਦੇ ਦਰਸ਼ਨਾਂ ਲਈ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਆਉਂਦੇ ਹਨ, ਜਦ ਉਹ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਦੀ ਗੰਦਗੀ ਵੱਲ ਦੇਖਦੇ ਹੋਣਗੇ ਤਾਂ ਉਨ੍ਹਾਂ 'ਤੇ ਕੀ ਪ੍ਰਭਾਵ ਪਵੇਗਾ। ਸੋਨੂੰ ਜੰਡਿਆਲਾ ਨੇ ਕਿਹਾ ਕਿ ਉਨ੍ਹਾਂ ਨੇ ਇਹ ਸਾਰਾ ਮਾਮਲਾ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਸ. ਗੁਰਜੀਤ ਸਿੰਘ ਔਜਲਾ ਦੇ ਧਿਆਨ ਵਿਚ ਲਿਆ ਦਿੱਤਾ ਹੈ।

**ਕੀ ਕਹਿੰਦੇ ਹਨ ਐਮ.ਪੀ ਔਜਲਾ :** ਇਸ ਸਬੰਧੀ ਜਦ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਸ. ਗੁਰਜੀਤ ਸਿੰਘ ਔਜਲਾ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਦਸਿਆ ਕਿ ਸਮਾਜ ਸੇਵੀ ਸੋਨੂੰ ਜੰਡਿਆਲਾ ਨੇ ਇਹਾ ਸਾਰਾ ਮਾਮਲਾ ਉਨਾਂ ਦੇ ਧਿਆਨ ਵਿਚ ਲਿਆਂਦਾ ਹੈ ਅਤੇ ਉਹ ਜਲਦ ਹੀ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨਾਲ ਗੱਲਬਾਤ ਕਰਕੇ ਇਸ ਸਮੱਸਿਆਂ ਨੂੰ ਦੂਰ ਕਰਾਉਣਗੇ। ਉਨ੍ਹਾਂ ਵਿਸ਼ਵਾਸ਼ ਦਵਾਇਆ ਕਿ ਜਲਦ ਹੀ ਗੋਲਡਨ ਗੇਟ ਦੀ ਸਾਫ-ਸਫਾਈ ਅਤੇ ਮਰੰਮਤ ਦਾ ਕੰਮ ਸ਼ੁਰੂ ਹੋ ਜਾਵੇਗਾ। ਸ. ਔਜਲਾ ਨੇ ਕਿਹਾ ਕਿ ਸਾਡਾ ਗੁਰੂ ਨਗਰੀ ਵਿੱਚ ਰਹਿਣ ਵਾਲੇ ਸਾਰੇ ਹੀ ਨਾਗਰਿਕਾਂ ਦਾ ਮੁਢਲਾ ਫਰਜ਼ ਬਣਦਾ ਹੈ ਕਿ ਅਸੀਂ ਆਪਣੀ ਨਗਰੀ ਨੂੰ ਸਾਫ-ਸੁਥਰਾ ਰੱਖੀਏ।

### ਰੋਹਿਤ ਪਬਲਿਕ ਸਕੂਲ ਵਿਚ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੇ

# ਲਾਇਆ ਦੰਦਾਂ ਦਾ ਜਾਂਚ ਕੈਂਪ




**ਫ਼ਿਰੋਜ਼ਪੁਰ, 13 ਫਰਵਰੀ (ਮਨੋਹਰ ਲਾਲ) :—** ਬੱਚਿਆਂ ਨੂੰ ਦੰਦਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਰਜਿਸਟਰਡ ਵੱਲੋਂ ਰੋਹਿਤ ਪਬਲਿਕ ਸਕੂਲ ਭਾਰਤ ਨਗਰ ਫ਼ਿਰੋਜ਼ਪੁਰ ਸ਼ਹਿਰ ਵਿਖੇ ਲਾਇਆ ਮੁਫਤ ਚੈਕਅਪ ਕੈਂਪ।ਅੱਜ ਸਕੂਲ ਵਿਚ ਲਾਏ ਕੈਂਪ ਦੌਰਾਨ ਮਾਹਿਰ ਡਾਕਟਰਾਂ ਨੇ ਸ਼ਿਰਕਤ ਕਰਕੇ ਜਿਥੇ ਬੱਚਿਆਂ ਨੂੰ ਦੰਦਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ, ਉਥੇ ਦੰਦਾਂ ਦੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੰਦਾਂ ਦੀਆਂ ਬਿਮਾਰੀਆਂ ਅਤੇ ਪ੍ਰਤੀ ਦਿਨ ਦੰਦਾਂ ਦੀ ਸਫਾਈ ਕਰਨਾ ਅਤੀ ਜ਼ਰੂਰੀ ਹੈ ਤਾਂ ਜ਼ੋ ਆਉਣ ਵਾਲੇ ਸਮੇਂ ਵਿਚ ਬੱਚੇ ਦੰਦਾਂ ਦੀਆਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚ ਸਕਣ। ਇਸ ਕੈਂਪ ਵਿਚ 98 ਬੱਚਿਆਂ ਨੂੰ ਮੁਫਤ ਬੁਰਸ਼ ਅਤੇ ਪੇਸਟ ਵੰਡੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੋਹਿਤ ਮਦਾਨ, ਗਤਿੰਦਰ ਕਵਲ, ਅਜੇ ਚੁੱਘ, ਕੁਲਦੀਪ ਰਾਏ ਬਜਾਜ, ਸਚਿਨ ਧਵਨ, ਪ੍ਰਵੀਨ ਸ਼ਰਮਾ ਹਾਜ਼ਰ ਸਨ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ ਨੇ ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਅਤੇ ਸੁਸਾਇਟੀ ਦੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ।

# ਕਾਂਝਲਾ ਨੂੰ ਸਬ ਡਵੀਜ਼ਨ ਬਣਾਉਣ ਤੇ ਆਪ ਆਗੂਆਂ ਨੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ

ਧੂਰੀ ( ਰਣਜੀਤ ਸਿੰਘ ਪੇਧਨੀ ) ਆਪ ਆਗੂ ਸ,ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਸ,ਰਣਜੋਧ ਸਿੰਘ ਕਾਂਝਲਾ ਅਤੇ ਸ,ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਸ,ਸੁਖਵੀਰ ਸਿੰਘ ਸੁੱਖੀ ਓਐਸਡੀ ਮੁੱਖ ਮੰਤਰੀ, ਪ੍ਰੋ, ਉਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਦਾ ਉਹ ਦਿਲ ਦੀਆਂ ਗਹਿਰਾਈਆਂ ਚੋਂ ਕੋਟਾਨ ਕੋਟ ਧੰਨਵਾਦ ਕਰਦੇ ਹਨ ਜਿਨਾਂ ਨੇ ਪਿਛਲੇ ਲੰਮੇ ਸਮੇਂ ਪਿੰਡ ਵਾਸੀਆਂ ਦੀ ਮੰਗ ਨੂੰ ਪੂਰਾ ਕਰਦਿਆਂ ਤਿੰਨ ਪਾਤਸਾਹਿਆ ਦੀ ਚਰਨ ਛੋਹ ਇਤਿਹਾਸਕ ਨਗਰ ਕਾਂਝਲਾ ਨੂੰ ਬਿਜਲੀ ਬੋਰਡ ਦੀ ਸਬ ਡਵੀਜਨ ਬਣਾ ਕੇ ਪਿੰਡ ਵਾਸਿਆ ਨੂੰ ਵੱਡਾ ਮਾਣ ਬਖਸਿਆ ਹੈ। ਆਗੂਆ ਨੇ ਕਿਹਾ ਪਿੰਡ ਕਾਂਝਲਾ 'ਚ ਸਬ ਡਵੀਜ਼ਨ ਬਣਨ ਦੇਣ ਨਾਲ ਲਗਦੇ ਪਿੰਡਾਂ ਨੂੰ ਵੀ ਸਹੂਲਤ ਮਿਲੇਗੀ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਪੰਜਾਬ ਵਾਸੀਆਂ ਨੂੰ ਉਹ ਕੰਮ ਕਰ ਦਿਖਾਏ ਜੋ ਪਿਛਲੀਆਂ ਸਰਕਾਰਾਂ ਦੇ ਸਾਰੇ ਰਿਕਾਡ ਤੋੜ ਦਿੱਤੇ ਹਨ। ਇਸ ਮੌਕੇ ਉਹਨਾਂ ਦੇ ਨਾਲ ਨਰਪਿੰਦਰ ਸਿੰਘ ਕਾਂਝਲਾ, ਆਪ ਆਗੂ ਜਗਜੀਰ ਸਿੰਘ ਜੱਗਾ, ਕੁਲਵਿੰਦਰ ਸਿੰਘ ਸਿੱਧੂ ਹਸਨਪੁਰ, ਆਪ ਆਗੂ ਰਣਜੀਤ ਸਿੰਘ ਧੰਦੀਵਾਲ, ਆਪ ਆਗੂ ਜਸਬੀਰ ਸਿੰਘ ਜੱਜ, ਆਪ ਆਗੂ ਬੂਟਾ ਸੁਲਤਾਨਪੁਰ, ਆਪ ਆਗੂ ਸੇਵਕ ਲੱਡਾ, ਆਪ ਆਗੂ ਰਾਜੂ ਲੱਡਾ, ਆਪ ਆਗੂ ਅਵਤਾਰ ਸਿੰਘ ਭਸੌੜ ਹਾਜ਼ਰ ਸਨ।



# ਕਹਾਣੀਕਾਰ ਸੁਖਜੀਤ ਦੇ ਦਿਹਾਂਤ ਤੇ ਸਾਹਿਤਕਾਰਾਂ ਵਿਚ ਸੋਗ ਦੀ ਲਹਿਰ

**ਚੌਕ ਮਹਿਤਾ 13 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਜਗਤ ਵਿਚ ਇਹ ਖਬਰ ਬੜੇ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਕਥਾਕਾਰ ਸੁਖਜੀਤ ਸਾਡੇ ਵਿਚਕਾਰ ਨਹੀਂ ਰਹੇ । ਬੀਤੇ ਕਲ ਉਹਨਾਂ ਨੂੰ ਦਿਲ ਦਾ ਦੌਰਾ ਪਿਆ ਜਿਹੜਾ ਉਹਨਾਂ ਲਈ ਜਾਨਲੇਵਾ ਸਾਬਤ ਹੋਇਆ । ਕੇਂਦਰੀ ਪੰਜਾਬੀ ਲੇਖਕ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪ ਦੇਵਿੰਦਰ ਸਿੰਘ, ਪ੍ਰੋ ਗੁਰਭਜਨ ਗਿੱਲ, ਡਾ ਲਖਵਿੰਦਰ ਜੌਹਲ, ਡਾ: ਗੋਪਾਲ ਸਿੰਘ ਬੁਟਰ, ਮੈਡਮ ਕੁਲਵਿੰਦਰ ਬੁੱਟਰ ਨੇ ਦੱਸਿਆ ਕਿ "ਹਜ਼ਾਰ ਕਹਾਣੀਆਂ ਦਾ ਬਾਪ" ਵਰਗੀਆਂ ਕਹਾਣੀਆਂ ਨਾਲ ਪੰਜਾਬੀ ਕਥਾ ਜਗਤ ਵਿਚ ਚਰਚਾ ਵਿੱਚ ਆਉਣ ਵਾਲੇ ਸੁਖਜੀਤ ਹੁਰਾਂ ਮਨੁੱਖੀ ਰਿਸ਼ਤਿਆਂ ਦੀ ਟੁੱਟ ਭੱਜ ਦੀਆਂ ਬੇਸ਼ੁਮਾਰ ਕਹਾਣੀਆਂ ਲਿਖੀਆਂ, ਜਿਹਨਾਂ ਨੂੰ ਪੰਜਾਬੀ ਸਾਹਿਤ ਵਲੋਂ ਸਰਾਹਿਆ ਅਤੇ ਪਰਵਾਨ ਕੀਤਾ ਗਿਆ । ਉਹਨਾਂ ਆਪਣੀ ਬਹੁ ਚਰਚਿਤ ਕਥਾ ਪੁਸਤਕ "ਮੈਂ ਅਗਨਘੋਸ ਨਹੀਂ" ਨਾਲ ਉਹਨਾਂ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਹਾਸਿਲ ਕੀਤਾ ਸੀ । ਇਸ ਤੋਂ ਪਹਿਲਾਂ ਉਨ੍ਹਾਂ ਨੂੰ ਭਾਸ਼ਾ ਵਿਭਾਗ ਵਲੋਂ 'ਨਾਨਕ ਸਿੰਘ' ਪੁਰਸਕਾਰ ਨਾਲ ਵੀ ਨਿਵਾਜਿਆ ਸੀ ।ਉਨ੍ਹਾਂ ਦੀਆਂ ਪ੍ਰਸਿੱਧ ਕਿਤਾਬਾਂ 'ਰੰਗਾਂ ਦਾ ਮਨੋਵਿਗਿਆਨ', 'ਅੰਤਰਾ', 'ਹੁਣ ਮੈਂ ਇੰਜੁਆਏ ਕਰਦੀ ਹਾਂ' ਤੇ 'ਮੈਂ ਜੈਸਾ ਹੂੰ ਵੈਸਾ ਕਿਉਂ ਹੂੰ' ਨੂੰ ਵੀ ਸਾਹਿਤਕ ਅਦਾਰਿਆਂ 'ਚ ਭਰਵਾਂ ਹੁੰਗਾਰਾ ਮਿਲਿਆ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਮੱਖਣ ਸਿੰਘ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਹਰਜੀਤ ਸੰਧੂ ਅਤੇ ਮਨਮੋਹਨ ਸਿੰਘ ਢਿੱਲੋਂ, ਸ਼ਰੋਮਣੀ ਨਾਟਕਕਾਰ ਕੇਵਲ, ਡਾ: ਮਹਿਲ ਸਿੰਘ, ਡਾ ਮਨਜਿੰਦਰ ਸਿੰਘ, ਡਾ: ਆਤਮ ਰੰਧਾਵਾ, ਅਰਤਿੰਦਰ ਸੰਧੂ, ਵਜ਼ੀਰ ਸਿੰਘ ਰੰਧਾਵਾ, ਸਰਬਜੀਤ ਸੰਧੂ, ਡਾ: ਮੋਹਨ, ਡਾ: ਭੁਪਿੰਦਰ ਸਿੰਘ ਫੇਰੂਮਾਨ, ਜਗਤਾਰ ਗਿੱਲ, ਬਲਜਿੰਦਰ ਮਾਂਗਟ, ਜਸਵੰਤ ਧਾਪ, ਡਾ ਕਸ਼ਮੀਰ ਸਿੰਘ, ਡਾ ਸਰਘੀ, ਅਰਵਿੰਦਰ ਕੌਰ ਧਾਲੀਵਾਲ, ਜਸਪਾਲ ਕੌਰ , ਸੁਮੀਤ ਸਿੰਘ, ਡਾ ਹੀਰਾ ਸਿੰਘ, ਸ਼ੁਕਰਗੁਜ਼ਾਰ ਸਿੰਘ, ਪ੍ਰਿੰ: ਕੁਲਵੰਤ ਸਿੰਘ ਅਣਖੀ, ਡਾ: ਇਕਬਾਲ ਕੌਰ ਸੌਂਧ ਅਤੇ ਜਸਬੀਰ ਝਬਾਲ ਨੇ ਵੀ ਗਹਿਰੇ ਦੁੱਖ ਦਾ ਇਜਹਾਰ ਕਰਦਿਆਂ ਕਿਹਾ ਕਿ ਸੁਖਜੀਤ ਹੁਰਾਂ ਦੇ ਤੁਰ ਜਾਣ ਨਾਲ ਪੰਜਾਬੀ ਸਾਹਿਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ।




# ਕੇਂਦਰ ਸਰਕਾਰ ਕਿਸਾਨਾਂ ਨੂੰ ਅੰਦੋਲਨ ਕਰਨ ਲਈ ਮਜਬੂਰ ਕਰਨ ਦੇ ਬਜਾਏ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਕਰੇ : ਸੁਖਦੇਵ ਸਿੰਘ ਢੀਂਡਸਾ



**ਚੰਡੀਗੜ੍ਹ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਤੇ ਸਾਬਕਾ ਕੇਂਦਰੀ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ ਨੇ ਭਾਰਤ ਸਰਕਾਰ ਅਤੇ ਕਿਸਾਨ ਜਥੇਬੰਦੀਆਂ ਦਰਮਿਆਨ ਉਨ੍ਹਾਂ ਦੀਆਂ ਮੰਗਾਂ ਨੂੰ ਲੈਕੇ ਬਣੀ ਟਕਰਾਅ ਦੀ ਸਥਿਤੀ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਕਿਸਾਨਾਂ ਨੂੰ ਅੰਦੋਲਨ ਕਰਨ ਲਈ ਮਜਬੂਰ ਕਰਨ ਦੇ ਬਜਾਏ ਗੱਲਬਾਤ ਰਾਹੀਂ ਉਨ੍ਹਾਂ ਦੀਆਂ ਵਾਜਬ ਮੰਗਾਂ ਪੂਰੀਆਂ ਕਰਕੇ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ।

ਸ. ਢੀਂਡਸਾ ਨੇ ਕੇਂਦਰ ਸਰਕਾਰ ਨੂੰ ਮਸਲੇ ਦੇ ਹੱਲ ਲਈ ਤੁਰੰਤ ਕਿਸਾਨ ਜਥੇਬੰਦੀਆਂ ਨਾਲ ਗੱਲਬਾਤ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ( ਸੰਯੁਕਤ) ਨੇ ਹਮੇਸ਼ਾ ਹੀ ਕਿਸਾਨਾਂ ਅਤੇ ਮਜਦੂਰਾਂ ਦੇ ਅਧਿਕਾਰਾਂ ਲਈ ਆਵਾਜ਼ ਬੁਲੰਦ ਕੀਤੀ ਹੈ। ਕਿਸਾਨ ਅੰਦੋਲਨ ਵਿਚ ਵੀ ਪਾਰਟੀ ਨੇ ਕਿਸਾਨ ਜਥੇਬੰਦੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ ਅਤੇ ਕਿਸਾਨਾਂ ਦੀਆਂ ਮੰਗਾਂ ਦਾ ਪੁਰਜ਼ੋਰ ਸਮਰਥਨ ਕੀਤਾ ਅਤੇ ਭਵਿੱਖ ਵਿਚ ਵੀ ਪਾਰਟੀ ਇਸੇ ਤਰ੍ਹਾਂ ਕਿਸਾਨਾਂ ਦੀ ਹਮਾਇਤ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਦਿੱਲੀ ਵਿਚ ਚੱਲੇ ਕਿਸਾਨ ਅੰਦੋਲਨ ਦੌਰਾਨ ਅਨੇਕਾਂ ਕਿਸਾਨ ਆਪਣੀਆਂ ਕੀਮਤੀ ਜਾਨਾਂ ਗਵਾ ਚੁੱਕੇ ਹਨ ਅਤੇ ਹੁਣ ਸਰਕਾਰ ਨੂੰ ਅਜਿਹਾ ਕੋਈ ਵੀ ਕਦਮ ਨਹੀਂ ਚੁੱਕਣਾ ਚਾਹੀਦਾ ਹੈ ਜਿਸ ਨਾਲ ਮੁੜ ਅਜਿਹੀ ਸਥਿਤੀ ਪੈਦਾ ਹੋ ਸਕੇ। ਸ. ਢੀਂਡਸਾ ਨੇ ਕਿਹਾ ਕਿ ਆਪਣੀਆਂ ਮੰਗਾਂ ਨੂੰ ਲੈਕੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨਾ ਹਰੇਕ ਦਾ ਲੋਕਤੰਤਰਿਕ ਅਧਿਕਾਰ ਹੈ। ਇਸ ਕਰਕੇ ਕੇਂਦਰ ਅਤੇ ਹੋਰ ਕਿਸੇ ਵੀ ਰਾਜ ਨੂੰ ਆਪਣੇ ਨਾਗਰਿਕਾਂ ਤੋ ਇਹ ਅਧਿਕਾਰ ਖੋਹਣਾ ਨਹੀਂ ਚਾਹੀਦਾ ਹੈ।

# ਪੰਜਾਬ ਸਰਕਾਰ ਹਰ ਫਰੰਟ ਤੇ ਫੇਲ੍ਹ ਸਾਬਤ ਹੋ ਰਹੀ ਹੈ: ਅਮਨ ਥਾਪਰ



ਮਾਲੇਰਕੋਟਲਾ ( ਰਣਜੀਤ ਸਿੰਘ ਪੇਧਨੀ ) ਲੋਕ ਸਭਾ ਚੋਣਾਂ ਅਤੇ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਹਰ ਬੂਥ ਤੇ ਮਜਬੂਤ ਹੈ, ਭਾਜਪਾ ਵਰਕਰ ਚੋਣ ਮੈਦਾਨ 'ਚ ਚੋਣਾਂ ਦੀ ਲੜਾਈ ਲੜਨ ਲਈ ਪੂਰੀ ਤਰਾ ਤਿਆਰ ਬੈਠੇ ਹਨ । ਜਿਸ ਨੂੰ ਲੈ ਕੇ ਭਾਜਪਾ ਵਰਕਰਾਂ ਵਿੱਚ ਪੂਰਾ ਉਤਸਾਹ ਦੇਖਣ ਨੂੰ ਮਿਲ ਰਿਹਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਮਲੇਰਕੋਟਲਾ ਦੇ ਪ੍ਰਧਾਨ ਅਮਨ ਥਾਪਰ ਨੇ ਕੀਤਾ। ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਕਾਰਨ ਪੰਜਾਬ ਦੇ ਵਾਸੀ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਤੀਸਰੀ ਵਾਰ ਮੋਦੀ ਸਰਕਾਰ ਦੇ ਹੱਕ ਵਿੱਚ ਵੱਡਾ ਫਤਵਾ ਦੇ ਕੇ ਕੇਂਦਰ ਚ ਸਰਕਾਰ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣਗੇ। ਉਹਨਾਂ ਕਿਹਾ ਕਿ ਪੰਜਾਬ ਵਿੱਚ ਝੂਠ ਬੋਲ ਕੇ ਬਣੀ ਆਮ ਆਦਮੀ ਪਾਰਟੀ ਸਰਕਾਰ ਪੰਜਾਬ ਵਿੱਚ ਬੁਰੀ ਤਰ੍ਹਾਂ ਫੇਲ ਸਾਬਤ ਹੋ ਰਹੀ। ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਲੋਕ ਪਰੇਸ਼ਾਨ ਹੋ ਕੇ ਸੜਕਾਂ ਤੇ ਉਤਰ ਆਏ ਹਨ। ਪੰਜਾਬ ਦਾ ਹਰ ਵਰਗ ਕਿਸਾਨ, ਮਜ਼ਦੂਰ ,ਆੜਤੀਆ, ਮੁਲਾਜ਼ਮ ,ਵਪਾਰੀ ਧਰਨੇ ਲਾਉਣ ਲਈ ਮਜਬੂਰ ਹੋ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਚੌਕ ਮਹਿਤਾ, 13 ਫਰਵਰੀ ,(ਬਾਬਾ ਸੁਖਵੰਤ ਸਿੰਘ ਚੰਨਣਕੇ) ਸੰਤ ਬਾਬਾ ਅਮਰਜੀਤ ਸਿੰਘ ਸੰਪਰਦਾਇ ਹਰਖੋਵਾਲ ਦੇ ਜਨਮ ਦਿਨ ਸਮੂਹ ਸੰਗਤਾ ਲੱਖ ਲੱਖ ਵਧਾਈਆ ਹੋਣ ਜੀ। (ਵੱਲੋਂ : ਸੰਤ ਬਾਬਾ ਗੁਰਦੀਪ ਸਿੰਘ ਜੀ ਖਜਾਲੇ ਵਾਲੇ)

ਆਵਾਜ਼ਿ ਕੌਮ AWAZE QAUM International Newspaper & WEB TV





ਇੰਟਰਨੈਸ਼ਨਲ ਏਅਰਪੋਰਟ ਐਤੀਆਣੇ ਦਾ ਨਾਮ ਗੁਰੂ ਹਰਿਗੋਬਿੰਦ ਸਾਹਿਬ ਇੰਟਰਨੈਸ਼ਨਲ ਏਅਰਪੋਰਟ ਰੱਖਣ ਲਈ ਦਸਤਕੀ ਮੁਹਿੰਮ ਵਿੱਚ ਲੋਪੋ ਸੰਪਰਦਾਇ ਦੇ ਮੁਖੀ ਸੰਤ ਜਗਜੀਤ ਸਿੰਘ ਲੋਪੋ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਗਜੀਤ ਸਿੰਘ ਤਲਵੰਡੀ ਵੱਲੋਂ ਹਾਜ਼ਰੀ ਭਰੀ ਗਈ ਅਤੇ ਸਰਕਾਰ ਅੱਗੇ ਮੰਗ ਰੱਖੀ ਕਿ ਇਸ ਏਅਰਪੋਰਟ ਦਾ ਨਾਮ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਇੰਟਰਨੈਸ਼ਨਲ ਏਅਰਪੋਰਟ ਰੱਖਿਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਕੁਸ਼ਤੀਆਂ ਦੇ ਮਹਾਂ ਦੰਗਲ 'ਚ ਸੰਧੂ ਰਣੀਕੇ ਨੇ ਨੌਜ਼ਵਾਨਾਂ ਨੂੰ ਨਸ਼ੇ ਛੱਡ ਕੇ ਖੇਡਾਂ ਵਾਲੇ ਪਾਸੇ ਆਉਣ ਦੀ ਕੀਤੀ ਅਪੀਲ



**ਚੌਕ ਮਹਿਤਾ , 13 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਝੇ ਦੇ ਉੱਘੇ ਸਮਾਜ ਸੇਵਕ ਅਤੇ ਪੰਜਾਬ ਨਸ਼ਾ ਵਿਰੋਧੀ ਲਹਿਰ ਦੇ ਸਰਪ੍ਰਸਤ ਸ. ਪੂਰਨ ਸਿੰਘ ਸੰਧੂ ਰਣੀਕੇ ਦੀ ਸਮੁੱਚੀ ਅਗਵਾਈ ਹੇਠ ਸਿੱਖ ਕੌਮ ਦੇ ਮਹਾਨ ਜਰਨੈਲ ਸ. ਸ਼ਾਮ ਸਿੰਘ ਅਟਾਰੀ ਵਾਲਿਆਂ ਦੇ 178ਵੇਂ ਸ਼ਹੀਦੀ ਦਿਵਸ ਤੇ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਟਰੱਸਟ, ਸਮੂਹ ਇਲਾਕਾ ਨਿਵਾਸੀ ਅਤੇ ਪੰਚਾਇਤਾਂ ਦੇ ਸਹਿਯੋਗ ਨਾਲ ਅਟਾਰੀ ਸਮਾਧਾਂ ਵਿੱਖੇ ਕੁਸ਼ਤੀਆਂ ਦਾ ਮਹਾਂ ਦੰਗਲ ਕਰਵਾਇਆ ਗਿਆ। ਇਸ ਮੌਕੇ ਪੰਜਾਬ ਦੇ ਪ੍ਰਸਿੱਧ ਕਬੱਡੀ ਖਿਡਾਰੀਆਂ ਅਤੇ ਨਾਮੀ ਪਹਿਲਵਾਨਾਂ ਆਪਣੇ ਜ਼ੋਹਰ ਦਿਖਾਏ। ਇਸ ਮੌਕੇ ਸੰਗਤਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਨਸ਼ਾ ਵਿਰੋਧੀ ਲਹਿਰ ਦੇ ਸਰਪ੍ਰਸਤ ਸ. ਪੂਰਨ ਸਿੰਘ ਸੰਧੂ ਰਣੀਕੇ ਨੇ ਦੱਸਿਆ ਜਰਨੈਲ ਸ. ਸ਼ਾਮ ਸਿੰਘ ਅਟਾਰੀ ਵਾਲਿਆਂ ਦੀ ਕੁਰਬਾਨੀ ਲਾਮਸਾਲ ਹੈ ਅਤੇ ਸਾਨੂੰ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਵਿਰਸੇ ਨੂੰ ਭੁੱਲ ਜਾਂਦੀਆਂ ਹਨ, ਉਹ ਇਤਿਹਾਸ ਵਿਚ ਕਦੇ ਵੀ ਜਿਉਂਦੀਆਂ ਨਹੀਂ ਰਹਿ ਸਕਦੀਆਂ। ਉਨ੍ਹਾਂ ਕਿਹਾ ਕਿ ਜਰਨੈਲ ਸ. ਸ਼ਾਮ ਸਿੰਘ ਅਟਾਰੀ ਵਾਲਿਆਂ ਦੀ ਮਿੱਠੀ ਯਾਦ ਵਿਚ ਹਰ ਸਾਲ ਦੀ ਤਰ੍ਹਾਂ ਕਬੱਡੀ ਅਤੇ ਨਾਮਵਰ ਪਹਿਲਵਾਨਾਂ ਦੇ ਕੁਸ਼ਤੀ ਮੁਕਾਬਲੇ ਕਰਵਾਏ ਜਾਂਦੇ ਹਨ। ਕੁਸ਼ਤੀਆਂ ਦੇ ਮਹਾਂ ਦੰਗਲ ਵਿਚ ਸੰਧੂ ਰਣੀਕੇ ਨੇ ਨੌਜ਼ਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮੈਕ, ਹੈਰੋਇੰਨ, ਨਸ਼ੀਲੇ ਟੀਕੇ ਤੇ ਕੈਪਸੂਲਾਂ ਦਾ ਤਿਆਗ ਕਰਕੇ ਆਪਣਾ ਜੀਵਨ ਖੇਡਾਂ ਵਾਲੇ ਪਾਸੇ ਲਾਉਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦੇ ਨੌਜ਼ਵਾਨ ਨਸ਼ੇ ਤਿਆਗ ਕੇ ਆਪਣਾ ਧਿਆਨ ਖੇਡਾਂ ਵਾਲੇ ਲਾਉਣਗੇ ਤਾਂ ਹੀ ਪੰਜਾਬ ਨਸ਼ਾ ਮੁਕਤ ਹੋਵੇਗਾ। ਇਸ ਮੌਕੇ ਸੰਧੂ ਰਣੀਕੇ ਨੇ ਆਏ ਮੁੱਖ ਮਹਿਮਾਨਾਂ, ਕਬੱਡੀ ਖਿਡਾਰੀਆਂ ਅਤੇ ਪਹਿਲਵਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਹੋਰਾਂ ਤੋਂ ਇਲਾਵਾ ਸ. ਮੱਖਣ ਸਿੰਘ ਗਿੱਲ ਮਾਲੂਵਾਲ, ਲੱਖਾ ਭਲਵਾਨ ਭੂਸੇ, ਸ਼ੇਰਬੀਰ ਸਿੰਘ ਸੰਧੂ, ਲਵਪ੍ਰੀਤ ਸਿੰਘ ਸੰਧੂ ਰਣੀਕੇ, ਰਾਜੇਸ਼ ਸ਼ਰਮਾ ਸਾਬਕਾ ਐਗਰੀਕਲਚਰ ਅਫਸਰ, ਹਰਪ੍ਰੀਤ ਸਿੰਘ ਸਿੱਧੂ, ਗੁਰਿੰਦਰਬੀਰ ਸਿੰਘ ਰੋਬੀ, ਕੈਮੀ ਢਿੱਲੋਂ, ਰਜਿੰਦਰ ਸਿੰਘ ਰੰਧਾਵਾ, ਪ੍ਰਗਟ ਸਿੰਘ ਚੱਕ, ਮਨਦੀਪ ਸਿੰਘ ਧਨੋਆ, ਮਹਿਲ ਸਿੰਘ ਰਣੀਕੇ, ਸਰਵਨ ਸਿੰਘ ਬਿੱਟੂ ਰਣੀਕੇ ਆਦਿ ਸ਼ਖਸ਼ੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਘਰਸ਼ ਦੇ ਰਾਹ ਤੁਰੇ ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਨ੍ਹਾਂ ਦੇ ਮਸਲੇ ਹੱਲ ਕਰੇ- ਐਡਵੋਕੇਟ ਧਾਮੀ

## ਹਰਿਆਣਾ ਸਰਕਾਰ ਵੱਲੋਂ ਕਿਸਾਨਾਂ 'ਤੇ ਅੱਥਰੂ ਗੈਸ ਸੁੱਟਣ ਤੇ ਪੁਲਿਸ ਧੱਕੇਸ਼ਾਹੀ ਦੀ ਕੀਤੀ ਨਿੰਦਾ

ਨਵੀਂ ਦਿੱਲੀ, 13 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):-ਆਪਣੀਆਂ ਮੰਗਾਂ ਲਈ ਸੰਘਰਸ਼ ਦੇ ਰਾਹ ਤੁਰੇ ਹੋਏ ਕਿਸਾਨਾਂ 'ਤੇ ਹਰਿਆਣਾ ਸਰਕਾਰ ਵੱਲੋਂ ਵੱਡੀ ਗਿਣਤੀ ਵਿੱਚ ਅੱਥਰੂ ਗੈਸ ਦੇ ਗੋਲੇ ਸੁੱਟਣੇ ਅਤੇ ਪੁਲਿਸ ਬਲ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਦਬਾਉਣਾ ਲੋਕਤੰਤਰੀ ਢਾਂਚੇ ਦੇ ਵਿਰੁੱਧ ਹੈ, ਜਿਸ ਪ੍ਰਤੀ ਕੇਂਦਰ ਸਰਕਾਰ ਨੂੰ ਸੰਜੀਦਗੀ ਨਾਲ ਸੋਚਣਾ ਚਾਹੀਦਾ ਹੈ।



ਇਹ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਿਸਾਨੀ ਦੇਸ਼ ਦੀ ਰੀੜ ਦੀ ਹੱਡੀ ਹੈ ਜਿਸ ਦੀਆਂ ਮੰਗਾਂ ਨੂੰ ਨਜ਼ਰਅੰਦਾਜ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਕਿਸਾਨਾਂ ਨੂੰ ਰੋਕਣ ਲਈ ਪੁਲਿਸ ਸ਼ਕਤੀ ਦੀ ਵਰਤੋਂ ਦੀ ਨਿੰਦਾ ਕਰਦਿਆਂ ਕਿਹਾ ਕਿ ਲੋਕਤੰਤਰ ਅੰਦਰ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਨਾ ਸਭ ਦਾ ਹੱਕ ਹੈ, ਇਸ ਲਈ ਸਰਕਾਰਾਂ ਨੂੰ ਕਿਸਾਨਾਂ ਦੇ ਮਸਲਿਆਂ ਦਾ ਤੁਰੰਤ ਹੱਲ ਕਰਨਾ ਚਾਹੀਦਾ ਹੈ ਨਾ ਕਿ ਉਨ੍ਹਾਂ ਉੱਤੇ ਤਸ਼ੱਦਦ ਕਰਕੇ ਮਾਮਲਾ ਹੋਰ ਉਲਝਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਆਖਿਆ ਕਿ ਲੰਬੇ ਅਰਸੇ ਤੋਂ ਦੇਸ਼ ਦੇ ਕਿਸਾਨ ਆਪਣੇ ਮਾਮਲਿਆਂ ਨੂੰ ਲੈ ਕੇ ਸੰਘਰਸ਼ ਦੇ ਰਾਹ 'ਤੇ ਹਨ ਪਰੰਤੂ ਸਰਕਾਰਾਂ ਵੱਲੋਂ ਉਦਾਸੀਨਤਾ ਦਿਖਾਈ ਜਾ ਰਹੀ ਹੈ। ਭਾਰਤ ਦੇ ਕਿਸਾਨਾਂ ਨੂੰ ਇਕੱਲੇ ਦੇਸ਼ ਹੀ ਨਹੀਂ ਸਗੋਂ ਪੂਰੀ ਦੁਨੀਆ ਦੇ ਅੰਨਦਾਤੇ ਵਜੋਂ ਜਾਣਿਆ ਜਾਂਦਾ ਹੈ ਅਤੇ ਜੇਕਰ ਅੱਜ ਇਹ ਕਿਸਾਨ ਸੰਘਰਸ਼ ਦੇ ਰਾਹ 'ਤੇ ਹਨ ਤਾਂ ਸਰਕਾਰਾਂ ਲਈ ਸੋਚਣ ਦਾ ਵੇਲਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਸ਼ਾਂਤਮਈ ਪ੍ਰਦਰਸ਼ਨ ਤੋਂ ਜਬਰੀ ਰੋਕਣ ਦੀ ਥਾਂ ਉਨ੍ਹਾਂ ਦੇ ਮਸਲੇ ਨਜਿੱਠਣ ਵੱਲ ਧਿਆਨ ਦੇਵੇ। ਉਨ੍ਹਾਂ ਹਰਿਆਣਾ ਪੁਲਿਸ ਵੱਲੋਂ ਕੀਤੀ ਕਾਰਵਾਈ ਵਿੱਚ ਪੱਤਰਕਾਰਾਂ ਨੂੰ ਵੀ ਨਿਸ਼ਾਨਾ ਬਣਾਏ ਜਾਣ ਦੀ ਵੀ ਸਖ਼ਤ ਨਿੰਦਾ ਕੀਤੀ।

# ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਸਰਕਾਰ ਦੀ ਸਖਤੀ ਨੂੰ ਹਾਈਕੋਰਟ 'ਚ ਚੁਣੌਤੀ, ਅੱਜ ਹੋਏਗਾ ਫੈਸਲਾ ?

**ਚੰਡੀਗੜ੍ਹ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਦੇ ਦਿੱਲੀ ਵੱਲ ਮਾਰਚ ਨੂੰ ਰੋਕਣ ਲਈ ਕੀਤੇ ਪ੍ਰਬੰਧਾਂ ਦਾ ਮਾਮਲਾ ਪੰਜਾਬ ਤੇ ਹਰਿਆਣਾ ਹਾਈਕੋਰਟ ਪਹੁੰਚ ਗਿਆ ਹੈ। ਦਿੱਲੀ ਦੇ ਵਕੀਲ ਨੇ ਹੱਦਾਂ ਸੀਲ ਕਰਨ ਤੇ ਇੰਟਰਨੈੱਟ 'ਤੇ ਪਾਬੰਦੀ ਨੂੰ ਚੁਣੌਤੀ ਦਿੰਦੇ ਹੋਏ ਪਟੀਸ਼ਨ ਦਾਇਰ ਕੀਤੀ ਹੈ। ਇਸ 'ਤੇ ਹਾਈ ਕੋਰਟ 'ਚ ਅੱਜ ਸੁਣਵਾਈ ਹੋਵੇਗੀ। ਪਟੀਸ਼ਨ ਦਾਇਰ ਕਰਨ ਵਾਲੇ ਦਿੱਲੀ ਦੇ ਵਕੀਲ ਉਦੈ ਪ੍ਰਤਾਪ ਖਬਰੂਪ ਨੇ ਕਿਹਾ ਹੈ ਕਿ ਕਿਸਾਨਾਂ ਨੂੰ ਸ਼ਾਂਤੀਪੂਰਵਕ ਪ੍ਰਦਰਸ਼ਨ ਕਰਨਾ ਹੈ। ਇਸ ਦੇ ਬਾਵਜੂਦ ਹਰਿਆਣਾ ਸਰਕਾਰ ਨੇ ਪੰਜਾਬ ਨਾਲ ਲੱਗਦੀਆਂ ਸਰਹੱਦਾਂ ਨੂੰ ਸੀਲ ਕਰ ਦਿੱਤਾ ਹੈ। ਇਸ ਤੋਂ ਇਲਾਵਾ 15 ਜ਼ਿਲ੍ਹਿਆਂ ਵਿੱਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਸੱਤ ਜ਼ਿਲ੍ਹਿਆਂ ਵਿੱਚ ਇੰਟਰਨੈੱਟ ਬੰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਦਲੀਲ ਦਿੱਤੀ ਕਿ ਹੱਦਾਂ ਸੀਲ ਕਰਨ ਤੇ ਮੋਬਾਈਲ ਇੰਟਰਨੈਟ ਤੇ ਐਸਐਮਐਸ ਸੇਵਾ ਬੰਦ ਕਰਨ ਨਾਲ ਇੱਕ ਪਾਸੇ ਕਿਸਾਨਾਂ ਦੇ ਜਮਹੂਰੀ ਅਧਿਕਾਰਾਂ ਦੀ ਉਲੰਘਣਾ ਹੋ ਰਹੀ ਹੈ ਤੇ ਦੂਜੇ ਪਾਸੇ ਆਮ ਲੋਕਾਂ ਨੂੰ ਵੀ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਹਰਿਆਣਾ ਤੇ ਪੰਜਾਬ ਸਰਕਾਰਾਂ ਦੇ ਨਾਲ-ਨਾਲ ਉਨ੍ਹਾਂ ਨੇ ਇਸ ਪਟੀਸ਼ਨ 'ਚ ਚੰਡੀਗੜ੍ਹ ਪ੍ਰਸ਼ਾਸਨ ਨੂੰ ਵੀ ਧਿਰ ਬਣਾਇਆ ਹੈ। ਉਨ੍ਹਾਂ ਹਾਈਕੋਰਟ ਤੋਂ ਮੰਗ ਕੀਤੀ ਕਿ ਕਿਸਾਨਾਂ ਦੇ ਸ਼ਾਂਤਮਈ ਧਰਨੇ ਨੂੰ ਰੋਕਣ ਲਈ ਹਰਿਆਣਾ ਸਰਕਾਰ ਵੱਲੋਂ ਚੁੱਕੇ ਜਾ ਰਹੇ ਸਾਰੇ ਕਦਮਾਂ ਨੂੰ ਤੁਰੰਤ ਰੋਕਿਆ ਜਾਵੇ। ਦੱਸ ਦਈਏ ਕਿ ਹਰਿਆਣਾ ਸਰਕਾਰ ਨੇ ਕਿਸਾਨਾਂ ਦੇ ਦਿੱਲੀ ਵੱਲ ਮਾਰਚ ਦੇ ਮੱਦੇਨਜ਼ਰ ਸੂਬੇ ਦੇ 7 ਜ਼ਿਲ੍ਹਿਆਂ ਵਿੱਚ ਐਤਵਾਰ ਤੋਂ ਤਿੰਨ ਦਿਨਾਂ ਲਈ ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਹਨ। ਇਹ ਸਾਰੇ ਜ਼ਿਲ੍ਹੇ ਪੰਜਾਬ ਦੀ ਹੱਦ ਨਾਲ ਲੱਗਦੇ ਹਨ। ਗ੍ਰਹਿ ਸਕੱਤਰ ਟੀਵੀਐਸਐਨ ਪ੍ਰਸਾਦ ਨੇ ਸ਼ਨੀਵਾਰ ਨੂੰ ਇਸ ਸਬੰਧ ਵਿੱਚ ਆਦੇਸ਼ ਜਾਰੀ ਕੀਤੇ ਸਨ।

### ਦਸ਼ਮੇਸ਼ ਕਾਲਜ਼ ਫਾਰ ਵਿਮਨ ਵਿਖੇ

# 17ਵੀਂ ਕਨਵੋਕੇਸ਼ਨ ਦਾ ਆਯੋਜਨ




**ਪੀ.ਸੀ.ਐੱਸ. ਅਧਿਕਾਰੀ ਡਾ. ਅਮਨਦੀਪ ਕੌਰ ਅਤੇ ਡਾ: ਮਲਕੀਅਤ ਸਿੰਘ ਨੇ 126 ਵਿਦਿਆਰਥਣਾਂ ਨੂੰ ਵੰਡੀਆਂ ਡਿਗਰੀਆਂ**

**ਚੌਕ ਮਹਿਤਾ, 13 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੀ ਐਸੋਸੀਏਟਡ ਸੰਸਥਾ ਦਸ਼ਮੇਸ਼ ਕਾਲਜ਼ ਫਾਰ ਵਿਮਨ, ਮਹਿਤਾ ਚੌਂਕ ਵਿਖੇ 17ਵੀਂ ਕਨਵੋਕੇਸ਼ਨ ਆਯੋਜਿਤ ਕੀਤੀ ਗਈ। ਇਸ ਕਨਵੋਕੇਸ਼ਨ ਵਿੱਚ 126 ਵਿਦਿਆਰਥਣਾਂ ਨੂੰ ਡਿਗਰੀਆਂ ਵੰਡੀਆਂ ਗਈਆਂ। ਇਸ ਮੌਕੇ ਪੀ.ਸੀ.ਐੱਸ. ਅਧਿਕਾਰੀ ਡਾ: ਅਮਨਦੀਪ ਕੌਰ ਨੇ ਮੁੱਖ ਮਹਿਮਾਨ ਵਜੋਂ ਇਸ ਕਨਵੋਕੇਸ਼ਨ ਵਿੱਚ ਹਾਜ਼ਰੀ ਭਰੀ। ਇਸ ਦੇ ਨਾਲ ਹੀ ਡਾ. ਮਲਕੀਅਤ ਸਿੰਘ ਰਾਜਨੀਤੀ ਸ਼ਾਸਤਰ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਵੀ ਵਿਸ਼ੇਸ਼ ਸ਼ਿਰਕਤ ਕੀਤੀ।126 ਵਿਦਿਆਰਥਣਾਂ ਨੂੰ ਡਿਗਰੀਆਂ ਵੰਡਣ ਤੋਂ ਇਲਾਵਾ 2023 ਦੇ ਫ਼ਾਈਨਲ ਸ਼ੈਸ਼ਨ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮੈਡਲ ਦੇ ਕੇ ਉਹਨਾਂ ਦੀ ਹੌਸਲਾ ਅਫ਼ਜਾਈ ਕੀਤੀ ਗਈ। ਕਾਲਜ਼ ਦੇ ਕੋ-ਆਰਡੀਨੇਟਰ ਸ: ਹਰਸ਼ਦੀਪ ਸਿੰਘ ਰੰਧਾਵਾ ਅਤੇ ਸਮੂਹ ਮੈਨਜਮੈਂਟ ਕਮੇਟੀ ਨੇ ਆਏ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ।ਸ: ਹਰਸ਼ਦੀਪ ਸਿੰਘ ਨੇ ਆਪਣੀ ਸਵਾਗਤੀ ਭਾਸ਼ਣ ਵਿੱਚ ਪੁੱਜੇ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਕਾਲਜ਼ ਦੇ ਸ਼ੁਰੂਆਤੀ ਅਤੇ ਮੌਜੂਦਾ ਦਿਨਾਂ ਉੱਪਰ ਚਾਨਣਾ ਪਾਇਆ।ਮੁੱਖ ਮਹਿਮਾਨ ਪੀ.ਸੀ.ਐੱਸ. ਅਧਿਕਾਰੀ ਡਾ. ਅਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਕਿਸੇ ਨੂੰ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਯਤਨ ਕਰਦੇ ਰਹਿਣਾ ਚਾਹੀਦਾ ਹੈ ਅਤੇ ਨਕਾਰਾਤਮਕ ਵਿਚਾਰਾਂ ਨੂੰ ਆਪਣੇ ਮਨ-ਮਸਤਕ ਉੱਤੇ ਭਾਰੀ ਨਹੀਂ ਹੋਣ ਦੇਣਾ ਚਾਹੀਦਾ।ਹਮੇਸ਼ਾ ਪ੍ਰਮਾਤਮਾ ਦਾ ਧੰਨਵਾਦ ਕਰਦਿਆ ਹੋਇਆ ਇਸ ਜੀਵਨ ਵਿੱਚ ਅੱਗੇ ਵੱਧਦੇ ਰਹਿਣਾ ਚਾਹੀਦਾ ਹੈ। ਇਹਨਾਂ ਨਾਲ ਸਮਾਗਮ ਵਿੱਚ ਪਹੁੰਚੇ ਡਾ. ਮਲਕੀਅਤ ਸਿੰਘ ਨੇ ਵਿਦਿਆਰਥੀਆਂ ਨੂੰ ਵਿੱਦਿਆ ਦਾ ਮਹਾਤਮ ਸਮਝਾਉਂਦਿਆਂ ਕਿਹਾ ਕਿ ਵਿੱਦਿਆ ਰਾਹੀਂ ਮਨੁੱਖ ਹਰ ਉਪਲੱਬਧੀ ਅਤੇ ਸ਼ਿਖਰ ਨੂੰ ਪ੍ਰਾਪਤ ਕਰ ਸਕਦਾ ਹੈ। ਆਪਣਾ ਆਤਮ-ਵਿਸ਼ਵਾਸ਼ ਬਣਾ ਕੇ ਰੱਖਣਾ ਹੀ ਮਨੁੱਖ ਦੀ ਸਫ਼ਲਤਾ ਦਾ ਵੱਡਾ ਕਾਰਨ ਬਣਦਾ ਹੈ। ਇਸ ਲਈ ਸਾਨੂੰ ਆਪਣੇ ਉੱਪਰ ਅਤੇ ਪ੍ਰਮਾਤਮਾ ਉੱਪਰ ਵਿਸਵਾਸ਼ ਰੱਖ ਕੇ ਅੱਗੇ ਵੱਧਦੇ ਰਹਿਣਾ ਚਾਹੀਦਾ ਹੈ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਡਿਗਰੀਆਂ ਪ੍ਰਾਪਤ ਕਰ ਰਹੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਆਪਣੇ ਭਵਿੱਖ ਪ੍ਰਤੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਸਭ ਵਿਦਿਆਰਥਣਾਂ ਨੂੰ ਆਸ਼ੀਰਵਾਦ ਦਿੱਤਾ ਕਿ ਉਹ ਆਪਣੇ ਆਉਣ ਵਾਲੇ ਕੱਲ੍ਹ ਵਿੱਚ ਵੱਡੀਆਂ ਉਡਾਰੀਆਂ ਮਾਰਨ ਅਤੇ ਹਰ ਸਿਖਰ ਪ੍ਰਾਪਤ ਕਰਨ।ਇਸ ਮੌਕੇ ਐਡਵੋਕੇਟ ਸ: ਹਰਜੋਤ ਸਿੰਘ ਮਾਨ, ਪ੍ਰਿੰਸੀਪਲ ਸ: ਕੁਲਬੀਰ ਸਿੰਘ ਮਾਨ, ਸ: ਅਵਤਾਰ ਸਿੰਘ ਬੁੱਟਰ ਮੈਂਬਰ ਚੀਫ ਖਾਲਸਾ ਦੀਵਾਨ, ਸ: ਰਣਜੀਤ ਸਿੰਘ ਮਹਿਤਾ, ਸ:ਅੰਨੂਜੀਤ ਸਿੰਘ ਵਾਲੀਆ, ਲੈਕਚਰਾਰ ਸ: ਸੁਖਮੀਤ ਸਿੰਘ, ਪ੍ਰਿੰਸੀਪਲ ਮੈਡਮ ਹਰਵਿੰਦਰ ਕੌਰ(ਦਸ਼ਮੇਸ਼ ਸਕੂਲ ਬਾਬਾ ਬਕਾਲਾ ਸਾਹਿਬ), ਪ੍ਰਿੰਸੀਪਲ ਮੈਡਮ ਮਨਜੀਤ ਕੌਰ ਵਾਲੀਆ(ਨਿਪਸ ਸਕੂਲ ਬਟਾਲਾ), ਪ੍ਰਿੰਸੀਪਲ ਮੈਡਮ ਗੁਰਬੀਰ ਕੌਰ ਅਤੇ ਹੋਰ ਮੌਜੂਦ ਸਨ।

### ਕੇਂਦਰ ਸਰਕਾਰ ਕਿਸਾਨਾਂ ਨਾਲ ਟਕਰਾਅ ਅਤੇ ਜਬਰ ਜ਼ੁਲਮ ਦਾ ਰਾਹ ਛੱਡ ਕੇ ਉਨ੍ਹਾਂ ਦੀਆਂ ਮੰਗਾ ਨੂੰ ਤੁਰੰਤ ਕਰੇ ਹੱਲ: ਬੀਬੀ ਰਣਜੀਤ ਕੌਰ

# ਜਬਰ ਜ਼ੁਲਮ ਨਾਲ ਪੰਜਾਬ ਅਤੇ ਦਿੱਲੀ ਵਿਚ ਵਧੇਗਾ ਫਾਸਲਾ, ਹੋਵੇਗਾ ਬੇਗਾਨਿਗੀ ਦਾ ਅਹਿਸਾਸ



ਨਵੀਂ ਦਿੱਲੀ 13 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਕੇਂਦਰ ਦੀ ਭਾਜਪਾ ਸਰਕਾਰ ਵਲੋਂ ਕਿਸਾਨਾਂ ਨੂੰ ਦੋ ਸਾਲ ਪਹਿਲਾਂ ਫਸਲਾਂ ਉਪਰ ਐਮਐਸਪੀ ਦੇਣ ਦੀ ਗਰੰਟੀ ਦਿੱਤੀ ਸੀ ਜਿਸ ਉਪਰੰਤ ਉਨ੍ਹਾਂ ਵਲੋਂ ਲਗਾਇਆ ਗਿਆ ਮੋਰਚਾ ਖ਼ਤਮ ਕੀਤਾ ਗਿਆ ਸੀ ਪਰ ਦੋ ਸਾਲ ਬੀਤ ਜਾਣ ਮਗਰੋਂ ਵੀ ਸਰਕਾਰ ਆਪਣੇ ਵਾਅਦੇ ਉਪਰ ਖਰੀ ਨਹੀਂ ਉਤਰੀ ਜਿਸ ਕਰਕੇ ਹੁਣ ਮੁੜ ਕਿਸਾਨ ਦਿੱਲੀ ਨੂੰ ਘੇਰਣ ਲਈ ਵੱਖ ਵੱਖ ਰਾਜਾ ਤੋਂ ਚਾਲੇ ਪਾ ਚੁੱਕੇ ਹਨ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਇਸਤਰੀ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਆਪਣੇ ਬਿਆਨ ਰਾਹੀਂ ਕਿਹਾ ਕਿ ਕੇਂਦਰ ਅਤੇ ਹਰਿਆਣਾ ਸਰਕਾਰ ਵਲੋਂ ਕਿਸਾਨਾਂ ਨੂੰ ਰੋਕਣ ਲਈ ਜਿਸ ਤਰ੍ਹਾਂ ਦੀਆਂ ਰੋਕਾਂ ਲਗਾਈ ਗਈਆਂ ਹਨ ਓਹ ਦੇਖ ਕੇ ਇਹ ਮਹਿਸੂਸ ਹੋ ਰਿਹਾ ਹੈ ਕਿ ਓਹ ਇਸ ਦੇਸ਼ ਦੇ ਨਾਗਰਿਕ ਹੀ ਨਹੀਂ ਹਨ । ਇਸ ਨਾਲ ਪੰਜਾਬ ਅਤੇ ਦਿੱਲੀ ਵਿਚਕਾਰ ਫਾਸਲਾ ਵਧੇਗਾ ਅਤੇ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਹੋਰ ਗਹਿਰਾ ਹੋਏਗਾ ।ਅਸੀ ਸਰਕਾਰ ਨੂੰ ਵੀ ਅਪੀਲ ਕਰਦੇ ਹਾਂ ਕਿ ਓਹ ਟਕਰਾਅ ਅਤੇ ਜਬਰ ਜ਼ੁਲਮ ਦਾ ਰਾਹ ਛੱਡ ਕੇ ਕਿਸਾਨਾਂ ਦੀਆਂ ਮੰਗਾ ਨੂੰ ਤੁਰੰਤ ਹੱਲ ਕਰੇ ।

ਉਨ੍ਹਾਂ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਤਰੀਕੇ ਨਾਲ ਪ੍ਰਦਰਸ਼ਨ ਕਰਨਾ ਸਾਡਾ ਸੰਵਿਧਾਨਿਕ ਹੱਕ ਹੈ ਪਰ ਕਿਸਾਨਾਂ ਦੇ ਰਸਤੇ ਵਿੱਚ ਰੁਕਾਵਟਾਂ ਪਾਉਣਾ ਇਨ੍ਹਾਂ ਹੱਕਾਂ ਦਾ ਘਾਣ ਹੈ।ਸ਼ੰਭੂ ਬਾਰਡਰ ਤੇ ਹਰਿਆਣਾ ਸਰਕਾਰ ਵਲੋਂ ਕਿਸਾਨਾਂ ਤੇ ਛੱਡੇ ਗਏ ਅੱਥਰੂ ਗੈਸ ਅਤੇ ਵਾਟਰ ਕੈਨਨ ਦੀ ਬੋਛਾੜਾ ਦੀ ਜਿਤਨੀ ਨਿੰਦਾ ਕੀਤੀ ਜਾਏ ਓਹ ਘੱਟ ਹੈ ।

ਅੰਤ ਵਿਚ ਉਨ੍ਹਾਂ ਕਿਹਾ ਕਿ ਅਸੀ ਸਮੂਹ ਪੰਥਕ, ਰਾਜਨੀਤਿਕ ਅਤੇ ਸਮੂਹ ਜਥੇਬੰਦੀਆਂ ਦੇ ਨਾਲ ਹਰ ਇਨਸਾਨ ਨੂੰ ਕਿਸਾਨ ਵੀਰਾਂ ਦੀ ਹਮਾਇਤ ਲਈ ਅੱਗੇ ਆਉਣ ਦੀ ਅਪੀਲ ਕਰਦੇ ਹਾਂ ਜਿਸ ਨਾਲ ਉਨ੍ਹਾਂ ਵਲੋਂ ਆਪਣੀ ਮੰਗਾ ਮਨਵਾਉਣ ਲਈ ਲਗਾਏ ਜਾ ਰਹੇ ਮੋਰਚੇ ਵਿਚ ਬਲ ਮਿਲੇਗਾ ।

### ਹਰਿਆਣਾ ਸਰਕਾਰ ਕਿਸਾਨਾ ਨਾਲ ਦੁਸ਼ਮਣ ਦੇਸ਼ ਵਾਂਗ ਵਰਤਾਓ ਕਰਨਾ ਬੰਦ ਕਰੇ

# ਬਿਨਾਂ ਕਿਸੇ ਦੇਰੀ ਦੇ ਕਿਸਾਨ ਦੀਆਂ ਮੰਗਾਂ ਪ੍ਰਵਾਨ ਕਰੇ : ਕਰਨੈਲ ਸਿੰਘ ਪੀਰਮੁਹੰਮਦ

**ਫਿਰੋਜ਼ਪੁਰ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਭਾਰਤ ਸਰਕਾਰ ਅਤੇ ਕਿਸਾਨ ਜਥੇਬੰਦੀਆਂ ਦਰਮਿਆਨ ਚੱਲ ਰਹੀ ਲਟਕਦੀ ਸਥਿਤੀ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ।ਉਹਨਾਂ ਕਿਹਾ ਕਿ ਕਿਸਾਨਾ ਅਤੇ ਪੰਜਾਬ ਦੀ ਨੌਜੁਆਨੀ ਤੇ ਹਰਿਆਣਾ ਪੁਲਿਸ ਵੱਲੋ ਕੇਦਰ ਸਰਕਾਰ ਦੇ ਇਸ਼ਾਰੇ ਨੇ ਬੇਤਹਾਸ਼ਾ ਤਸ਼ੱਦਦ ਕਰਨਾ ਹੰਝੂ ਗੈਸ ਛੱਡਕੇ ਜਖਮੀ ਕਰਨਾ ਬੇਹੱਦ ਦੁੱਖਦਾਈ ਪਹਿਲੂ ਹੈ ਜਿਸ ਦੀ ਸ੍ਰੌਮਣੀ ਅਕਾਲੀ ਦਲ ਸਖਤ ਨਿੰਦਿਆ ਕਰਦਾ ਹੈ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਦੇਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਆਪਣੇ ਹੀ ਦੇਸ ਦੇ ਨਾਗਰਿਕ ਕਿਸਾਨਾਂ ਨਾਲ ਦੁਸਮਣਾ ਵਾਲਾ ਸਲੂਕ ਕਰਨ ਦੀ ਜਗਾ ਉਹਨਾਂ ਦੀਆ ਮੰਗਾ ਵੱਲ ਧਿਆਨ ਦੇਵੇ ।

ਉਨ੍ਹਾਂ ਕੇਂਦਰ ਸਰਕਾਰ ਨੂੰ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਲਾਗੂ ਕਰਨ ਦੀ ਅਪੀਲ ਕੀਤੀ। ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਸ੍ਰੌਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਹੈ ਅਤੇ ਕਿਸਾਨਾਂ ਦੀਆਂ ਮੰਗਾਂ ਦੀ ਪੁਰਜ਼ੋਰ ਹਮਾਇਤ ਕੀਤੀ ਹੈ। ਹਰ ਕਿਸੇ ਨੂੰ ਆਪਣੀਆਂ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਅਧਿਕਾਰ ਹੈ ਅਤੇ ਇਸ ਅਧਿਕਾਰ ਨੂੰ ਕਿਸੇ ਵੀ ਰਾਜ ਜਾਂ ਕੇਂਦਰ ਸਰਕਾਰ ਦੁਆਰਾ ਕੁਚਲਿਆ ਨਹੀਂ ਜਾਣਾ ਚਾਹੀਦਾ।



# ਮਾਨ ਸਰਕਾਰ ਦੀ 'ਸੁਚੱਜਾ ਰਾਸ਼ਨ ਘਰ ਘਰ ਰਾਸ਼ਨ' ਸਕੀਮ ਨਾਲ ਗਰੀਬਾਂ ਨੂੰ ਰਾਹਤ ਮਿਲੇਗੀ: ਆਪ ਆਗੂ



ਧੂਰੀ ( ਰਣਜੀਤ ਸਿੰਘ ਧੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਲਾਭਪਾਤਰੀਆਂ ਨੂੰ ਘਰ ਘਰ ਰਾਸਨ ਪਹੁੰਚਾਉਣ ਦੀ " ਸੁਚੱਜਾ ਰਾਸ਼ਨ ਘਰ ਘਰ ਰਾਸਨ " ਸਕੀਮ ਨੂੰ ਲੋਕ ਪੱਖੀ ਕਰਾਰ ਦਿੰਦਿਆਂ ਪੰਚਾਇਤ ਯੂਨੀਅਨ ਧੂਰੀ ਦੇ ਪ੍ਰਧਾਨ ਸਰਪੰਚ ਸੁਖਦੀਪ ਸਿੰਘ ਚੀਮਾ, ਆਪ ਆਗੂ ਸਮਸੇਰ ਸਿੰਘ ਸੋਹੀ,ਆਪ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ, ਜਸਵੀਰ ਸਿੰਘ ਜੱਜ ਇੰਨਚਾਰਜ ਵਾਰਡ ਨੰ 12 ਆਪ , ਬਖਸੀਸ ਸਿੰਘ ਅਲਾਲ ਸੀਨੀਅਰ ਆਗੂ ਐਸੀ,ਵਿੰਗ ਆਪ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਲਾਈ ਜਾ ਰਹੀ ਅਜਿਹੀ ਸਕੀਮ ਆਮ ਲੋਕਾਂ ਲਈ ਵੱਡੀ ਰਾਹਤ ਭਰੀ ਹੋਵੇਗੀ। ਪਿਛਲੀਆਂ ਸਰਕਾਰਾਂ ਵੱਲੋਂ ਰਾਸਣ ਦੇ ਨਾਂ ਤੇ ਲੋਕਾਂ ਨੂੰ ਕਈ ਕਈ ਦਿਨ ਕਤਾਰਾਂ ਵਿੱਚ ਲਾ ਕੇ ਖੱਜਲ ਖੁਆਰ ਕੀਤਾ ਜਾਂਦਾ ਸੀ। ਪਰ ਹੁਣ ਸੂਬੇ ਦੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਮੁੱਖ ਮੰਤਰੀ ਵੱਲੋਂ ਆਮ ਲੋਕਾਂ ਦੇ ਇਸ ਦੁੱਖ ਦਰਦ ਨੂੰ ਪਹਿਚਾਣ ਕੇ ਇਸ ਦਾ ਸਥਾਈ ਹੱਲ ਕੀਤਾ ਹੈ। ਆਗੂਆ ਨੇ ਕਿਹਾ ਕਿ ਇਸ ਐਲਾਨ ਤੋਂ ਬਾਅਦ ਹੁਣ ਕਾਰਡ ਧਾਰਕ ਲਾਭਪਾਤਰੀਆਂ ਨੂੰ ਘਰ ਬੈਠੇ ਰਾਸ਼ਨ ਮੁਹਈਆ ਹੋਵੇਗਾ, ਜਦੋ ਕਿ ਉਹਨਾਂ ਨੂੰ ਰਾਸਨ ਲੈਣ ਲਈ ਹੁੰਦੀ ਖੱਜਲ ਖੁਆਰੀ ਅਤੇ ਆਪਣੀ ਦਿਹਾੜੀ ਵੀ ਨਹੀਂ ਛੱਡਣੀ ਪਵੇਗੀ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਪਿਛਲੇ ਦਿਨੀ ਲੱਖਾਂ ਕੱਟੇ ਹੋਏ ਰਾਸ਼ਨ ਕਾਰਡ ਬਹਾਲ ਕਰਕੇ ਲੋਕਾਂ ਨੂੰ ਇਸ ਸਕੀਮ ਦੇ ਘੇਰੇ ਵਿੱਚ ਲਿਆਂਦਾ ਹੈ ਜੋ ਹਰ ਵਿਅਕਤੀ ਇਸ ਸਕੀਮ ਦਾ ਲਾਹਾ ਲੈ ਸਕੇ।

# ਜੇਕਰ ਸਿੱਖ ਲੀਡਰਸ਼ਿਪ ਨੇ ਕੌਮੀ ਨਿਸ਼ਾਨੇ ਦੀ ਪ੍ਰਾਪਤੀ ਲਈ ਕੋਈ ਸਮੂਹਿਕ ਉੱਦਮ ਨਾ ਕੀਤਾ ਤਾਂ ਕੌਮ ਸਾਨੂੰ ਨਹੀਂ ਕਰੇਗੀ ਮੁਆਫ਼ : ਮਾਨ



ਨਵੀਂ ਦਿੱਲੀ, 13 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-"1946 ਵਿਚ ਜਦੋ ਅੰਗਰੇਜ਼ ਹਕੂਮਤ ਆਪਣਾ ਰਾਜ ਭਾਗ ਛੱਡਕੇ ਜਾ ਰਹੀ ਸੀ, ਤਾਂ ਉਸ ਸਮੇ ਦੀ ਸਿੱਖ ਲੀਡਰਸਿਪ ਜਿਨ੍ਹਾਂ ਵਿਚ ਮਾਸਟਰ ਤਾਰਾ ਸਿੰਘ, ਸ. ਬਲਦੇਵ ਸਿੰਘ ਸਨ। ਜੋ ਅੰਗਰੇਜ਼ਾਂ ਨਾਲ ਸਿੱਖਾਂ ਦੇ ਬਿਨ੍ਹਾਂ ਤੇ ਗੱਲ ਕਰ ਰਹੇ ਸਨ । ਉਨ੍ਹਾਂ ਵੱਲੋ ਸਿੱਖ ਕੌਮ ਦੀਆਂ ਭਾਵਨਾਵਾ ਅਨੁਸਾਰ ਦ੍ਰਿੜਤਾ ਨਾਲ ਸਟੈਂਡ ਨਾ ਲੈਕੇ ਹਿੰਦੂਤਵ ਆਗੂਆਂ ਦੇ ਪਿੱਛ ਲੱਗ ਬਣਕੇ ਆਜਾਦ ਸਿੱਖ ਸਟੇਟ ਕਾਇਮ ਕਰਨ ਦੇ ਸਥਾਂਨ ਉਤੇ ਹਿੰਦੂਤਵ ਆਗੂਆ ਨਾਲ ਹੀ ਆਪਣੀ ਕੌਮੀ ਹੋਂਦ ਨੂੰ ਜੋੜਨ ਲਈ ਗੁਸਤਾਖੀ ਕਰਨ ਦੀ ਬਦੌਲਤ ਹੀ ਅੱਜ ਸਿੱਖ ਨੌਜਵਾਨ ਅਤੇ ਸਾਡੇ ਵਰਗੇ ਉਸ ਲੀਡਰਸਿਪ ਨੂੰ ਦੁਰਕਾਰ ਰਹੇ ਹਨ । ਮੌਜੂਦਾ ਸਿੱਖ ਕੌਮ ਦੀ ਬਣੀ ਸਥਿਤੀ ਲਈ ਉਸ ਲੀਡਰਸਿਪ ਨੂੰ ਜਿੰਮੇਵਾਰ ਠਹਿਰਾਉਦੇ ਹੋਏ ਕੋਸ ਰਹੇ ਹਾਂ ਅਤੇ ਬਿਲਕੁਲ ਵੀ ਮੁਆਫ਼ ਨਹੀ ਕਰ ਰਹੇ । ਉਸੇ ਤਰ੍ਹਾਂ ਜੇਕਰ ਅਜੋਕੇ ਸਮੇ ਵਿਚ ਜਦੋ ਸਵਾਰਥੀ ਲੀਡਰਸਿਪ ਸ਼੍ਰੋਮਣੀ ਅਕਾਲੀ ਦਲ ਦੇ ਨਾਮ ਦੀ ਦੁਰਵਰਤੋ ਕਰਕੇ ਆਪਣੇ ਸਿਆਸੀ, ਪਰਿਵਾਰਿਕ, ਨਿੱਜੀ ਮੁਫਾਦਾ ਵਿਚ ਗ੍ਰਸਤ ਹੋ ਕੇ ਸਿੱਖ ਕੌਮ ਨਾਲ ਧੋਖੇ ਕਰਦੀ ਆ ਰਹੀ ਹੈ, ਤਾਂ ਉਸ ਸਮੇ ਸਿੱਖ ਕੌਮ ਨੂੰ ਹਰ ਤਰਫ ਆਪਣੀ ਬਾਜ ਨਜਰ ਰੱਖਦੇ ਹੋਏ ਪਹਿਚਾਨਣਾ ਪਵੇਗਾ ਕਿ ਸ਼੍ਰੋਮਣੀ ਅਕਾਲੀ ਦਲ ਜਿਸ ਮਕਸਦ ਨੂੰ ਲੈਕੇ 1925 ਵਿਚ ਹੋਂਦ ਵਿਚ ਆਇਆ ਸੀ, ਉਸ ਮੀਰੀ-ਪੀਰੀ ਦੇ ਸਿਧਾਂਤ ਉਤੇ ਪਹਿਰਾ ਦੇਣ ਵਾਲਾ ਅਸਲ ਅਕਾਲੀ ਦਲ ਕਿਹੜਾ ਹੈ ? ਫਿਰ ਉਸਦੀ ਪਹਿਚਾਣ ਕਰਕੇ ਆਉਣ ਵਾਲੇ ਸਮੇ ਵਿਚ ਸਭ ਸਿੱਖਾਂ ਵੱਲੋ ਪਾਰਟੀਆਂ, ਧੜਿਆ ਦੀ ਸੌੜੀ ਸੋਚ ਤੋ ਉਪਰ ਉੱਠਕੇ ਉਸ ਅਕਾਲੀ ਦਲ ਨੂੰ ਹੀ ਵੋਟ ਪਾਉਣ ਲਈ ਆਪਣੇ ਆਪ ਨੂੰ ਤਿਆਰ ਕਰਨਾ ਪਵੇਗਾ । ਜੋ ਸਿੱਖਾਂ ਦੀ ਮਨੋਭਾਵਨਾ ਉਤੇ ਪੂਰਾ ਉੱਤਰਦਾ ਹੋਵੇ ਅਤੇ ਸੰਜ਼ੀਦਗੀ ਨਾਲ ਸੰਪੂਰਨ ਆਜਾਦ ਬਾਦਸਾਹੀ ਸਿੱਖ ਰਾਜ ਨੂੰ ਤੀਜੀ ਵਾਰ ਕਾਇਮ ਕਰਨ ਲਈ ਸੁਹਿਰਦ ਤੇ ਸਮਰੱਥ ਹੋਵੇ । ਜੇਕਰ ਸਿੱਖ ਕੌਮ ਤੇ ਸਿੱਖ ਲੀਡਰਸਿਪ ਇਸ ਜਿੰਮੇਵਾਰੀ ਨੂੰ ਪੂਰਨ ਨਾ ਕਰ ਸਕੀ ਤਾਂ ਆਉਣ ਵਾਲੀ ਸਿੱਖ ਪਨੀਰੀ ਸਾਨੂੰ ਉਸੇ ਤਰ੍ਹਾਂ ਮੁਆਫ਼ ਨਹੀ ਕਰੇਗੀ ਜਿਵੇ ਕਿ ਅੱਜ ਅਸੀ ਪੁਰਾਤਨ ਲੀਡਰਸਿਪ ਦੀਆਂ ਗਲਤੀਆ ਲਈ ਉਨ੍ਹਾਂ ਨੂੰ ਮੁਆਫ਼ ਨਹੀ ਕਰ ਰਹੇ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੱਲ੍ਹ ਸਿੱਖ ਕੌਮ ਦੇ 20ਵੀਂ ਸਦੀ ਦੇ ਮਹਾਨ ਨਾਇਕ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਦੇ 77ਵੇਂ ਜਨਮ ਦਿਹਾੜੇ ਦੇ ਸਮਾਗਮ ਉਤੇ ਸਿੱਖ ਕੌਮ ਨੂੰ ਸੰਦੇਸ ਦੇਣ ਉਪਰੰਤ ਮੌਜੂਦਾ ਹਾਲਾਤਾਂ ਉਤੇ ਇਕ ਗੰਭੀਰ ਤਪਸਰਾ ਕਰਦੇ ਹੋਏ ਜਾਹਰ ਕੀਤੇ ।ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਇਸ ਸੱਚ ਨੂੰ ਪ੍ਰਵਾਨ ਕਰ ਲੈਣਾ ਚਾਹੀਦਾ ਹੈ ਕਿ ਖ਼ਾਲਸਾਈ ਸਿਧਾਤਾਂ ਉਤੇ ਤੀਸਰੀ ਵਾਰ ਫਿਰ ਖ਼ਾਲਸਾ ਰਾਜ ਕਾਇਮ ਕਰਨ ਤੋ ਬਿਨ੍ਹਾਂ ਸਿੱਖ ਕੌਮ ਅਤੇ ਪੰਜਾਬੀਆਂ ਨੂੰ ਦਰਪੇਸ ਆ ਰਹੇ ਸਮੁੱਚੇ ਗੰਭੀਰ ਮਸਲਿਆ ਦਾ ਨਾ ਤਾਂ ਹੱਲ ਹੋ ਸਕਦਾ ਹੈ ਅਤੇ ਨਾ ਹੀ ਅਸੀ ਇਸ ਰਾਜ ਭਾਗ ਤੋ ਬਿਨ੍ਹਾਂ ਅਣਖ-ਗੈਰਤ ਵਾਲੀ ਜਿੰਦਗੀ ਜਿਉਂਣ ਦੇ ਸਮਰੱਥ ਹੋ ਸਕਦੇ ਹਾਂ । ਇਸ ਸੱਚ ਨੂੰ ਗੁਰੂ ਸਾਹਿਬ ਨੇ ਵੀ ਆਪਣੇ ਮੁਖਾਰਬਿੰਦ ਤੋ 'ਰਾਜ ਬਿਨ੍ਹਾ ਨਹੀ ਧਰਮ ਚਲੇ ਹੈ, ਧਰਮ ਬਿਨ੍ਹਾਂ ਸਭ ਦਲੈ ਮਲੈ ਹੈ'। ਉਚਾਰਕੇ ਬਹੁਤ ਪਹਿਲੇ ਉਜਾਗਰ ਕਰ ਦਿੱਤਾ ਸੀ । ਇਸ ਲਈ ਰਾਜ ਭਾਗ ਕਾਇਮ ਕਰਨਾ ਹਰ ਸਿੱਖ ਦੇ ਮਨ-ਆਤਮਾ ਦਾ ਫੈਸਲਾ ਹੋਣਾ ਚਾਹੀਦਾ ਹੈ ਫਿਰ ਹੀ ਸਮੂਹਿਕ ਤਾਕਤ ਬਣਕੇ ਇਸ ਮੰਜਿਲ ਦੀ ਅਵੱਸ ਪ੍ਰਾਪਤੀ ਹੋਵੇਗੀ । ਸ. ਮਾਨ ਨੇ ਇਕ ਗੰਭੀਰ ਮੁੱਦੇ ਨੂੰ ਛੋਹਦੇ ਹੋਏ ਜਾਗਰੂਕ ਕਰਦੇ ਹੋਏ ਕਿਹਾ ਕਿ ਸਿੱਖਾਂ ਵੱਲੋ ਦਿੱਤੇ ਜਾਣ ਵਾਲੇ ਅਹੁਦਿਆ ਤੋ ਅਸਤੀਫਿਆ ਅਤੇ ਹਿੰਦੂਆਂ ਦੇ ਦਿੱਤੇ ਜਾਣ ਵਾਲੇ ਅਸਤੀਫਿਆ ਵਿਚ ਬਹੁਤ ਵੱਡਾ ਫਰਕ ਹੈ । ਜਦੋ ਮੇਰੇ ਵਰਗਾਂ ਸਿੱਖ ਆਪਣੇ ਕਿਸੇ ਅਹੁਦੇ ਤੋਂ ਅਸਤੀਫਾ ਦਿੰਦਾ ਹੈ ਤਾਂ ਉਸਨੂੰ ਇਹ ਹਿੰਦੂਤਵ ਹੁਕਮਰਾਨ ਝੱਟ ਪ੍ਰਵਾਨ ਕਰ ਲੈਂਦੇ ਹਨ ਅਤੇ 5-5 ਸਾਲ ਦੀਆਂ ਜੇਲ੍ਹਾਂ ਵਿਚ ਜ਼ਬਰੀ ਬੰਦੀ ਬਣਾ ਦਿੰਦੇ ਹਨ । ਲੇਕਿਨ ਹੁਣ ਜਦੋ ਇਕ ਹਿੰਦੂ ਸੋਚ ਵਾਲੇ ਪੰਜਾਬ ਦੇ ਗਵਰਨਰ ਨੇ ਆਪਣੇ ਅਹੁਦੇ ਤੋ ਅਸਤੀਫਾ ਦਿੱਤਾ ਹੈ ਤਾਂ ਉਸਨੂੰ ਕਈ ਦਿਨ ਲੰਘਣ ਤੋ ਬਾਅਦ ਵੀ ਨਾ ਤਾਂ ਪ੍ਰਵਾਨ ਕੀਤਾ ਗਿਆ ਹੈ। ਬਲਕਿ ਅਸਤੀਫਾ ਦੇਣ ਉਪਰੰਤ ਸਰਹੱਦਾਂ ਉਤੇ ਤਿੰਨ ਦਿਨਾਂ ਦੇ ਲੰਮੇ ਸਮੇ ਲਈ ਹਿੰਦੂਤਵ ਹੁਕਮਰਾਨਾਂ ਦੀਆਂ ਪੰਜਾਬ ਸੂਬੇ ਤੇ ਸਿੱਖ ਕੌਮ ਵਿਰੋਧੀ ਸਾਜਿਸਾਂ ਨੂੰ ਪੂਰਨ ਕਰਨ ਲਈ ਦੌਰੇ ਵੀ ਕਰ ਰਹੇ ਹਨ । ਇਹ ਫਰਕ ਹੈ ਸਿੱਖਾਂ ਅਤੇ ਹਿੰਦੂਆਂ ਵਿਚ । ਫਿਰ ਕਿਉਂ ਨਾ ਆਪਾ ਆਪਣੀ ਅਣਖ ਅਤੇ ਗੈਰਤ ਨੂੰ ਕਾਇਮ ਰੱਖਦੇ ਹੋਏ ਤੇ ਆਪਣੀ ਵਿਲੱਖਣ ਤੇ ਅਣਖੀਲੀ ਪਹਿਚਾਣ ਦਾ ਸੰਸਾਰਭਰ ਨੂੰ ਸੰਦੇਸ ਦਿੰਦੇ ਹੋਏ ਸਮੂਹਿਕ ਤੌਰ ਤੇ ਅਤੇ ਜਮਹੂਰੀਅਤ ਤੌਰ ਤੇ ਆਪਣੇ ਵੋਟ ਹੱਕ ਦੀ ਸਹੀ ਵਰਤੋ ਕਰਦੇ ਹੋਏ ਆਪਣੇ ਆਜਾਦੀ ਦੇ ਮਿਸਨ ਦੀ ਜਮਹੂਰੀ ਢੰਗਾਂ ਰਾਹੀ ਪ੍ਰਾਪਤੀ ਕਰਕੇ ਗੁਰੂ ਸਾਹਿਬਾਨ ਜੀ ਦੀ ਸੋਚ ਅਨੁਸਾਰ ਖ਼ਾਲਸਾ ਰਾਜ ਕਾਇਮ ਕਰੀਏ । ਜਿਸ ਵਿਚ ਬਰਾਬਰਤਾ, ਇਨਸਾਫ ਅਤੇ ਸਾਫ-ਸੁਥਰੇ ਰਾਜ ਪ੍ਰਬੰਧ ਨੂੰ ਅਮਲੀ ਰੂਪ ਵਿਚ ਲਾਗੂ ਕਰਕੇ ਆਪਣੇ ਕੌਮੀ ਸੰਦੇਸ ਨੂੰ ਦੁਨੀਆ ਦੇ ਹਰ ਕੋਨੇ-ਕੋਨੇ ਵਿਚ ਪਹੁੰਚਾਉਣ ਦੀ ਜਿੰਮੇਵਾਰੀ ਨਿਭਾਈਏ।




ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਬੋਰਡ ਵਿਚ ਮਹਾਰਾਸ਼ਟਰ ਦੀ ਸਰਕਾਰ ਵੱਲੋ ਜੋ ਐਕਟ ਵਿੱਚ ਮਨਮਰਜੀ ਦੀ ਸੋਧ ਕੀਤੀ ਜਾ ਰਹੀ ਏ ਜਿਸ ਨਾਲ ਸੰਸਾਰ ਭਰ ਵਿੱਚ ਵਸ ਰਹੀਆਂ ਸਿੱਖ ਸੰਗਤਾ ਅਤੇ ਹਜ਼ੂਰੀ ਸਿੰਘਾਂ ਵਿੱਚ ਭਾਰੀ ਰੋਸ ਹੈ ਸਰਕਾਰ ਵਲੋਂ ਪਾਸ ਕੀਤੇ ਇਸ ਐਕਟ ਨੂੰ ਰੱਦ ਕਰਨ ਦੀ ਮੰਗ ਕਰਦੇ ਹਾਂ ਨਾਲ ਹੀ ਜੋ ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ ਵੱਲੋ ਮੋਰਚਾ ਆਰੰਭ ਕੀਤਾ ਗਿਆ ਹੈ ਅਸੀ ਇਸ ਮੋਰਚੇ ਦੀ ਪੂਰਨ ਤੋਰ ਤੇ ਹਿਮਾਇਤ ਕਰਦੇ ਹਾਂ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਬਰੈਂਪਟਨ 'ਚ ਗੁਰਪਤਵੰਤ ਸਿੰਘ ਪੰਨੂੰ ਦੇ ਨਜਦੀਕੀ ਦੇ ਘਰ 'ਤੇ ਚੱਲੀਆਂ ਗੋਲੀਆਂ

## ਕੈਨੇਡਾ ਵਿੱਚ ਭਾਰਤ ਦਾ ਅੰਤਰ-ਰਾਸ਼ਟਰੀ ਦਮਨ ਜਾਰੀ ਹੈ - ਐਸ ਐਫ ਜੇ




**ਟੋਰਾਂਟੋ, 13 ਫਰਵਰੀ (ਸਰਬਜੀਤ ਸਿੰਘ ਬਨੂੜ)**-ਬਰੈਂਪਟਨ ਵਿੱਚ ਸਿੱਖਸ ਫਾਰ ਜਸਟਿਸ ਦੇ ਭਾਈ ਇੰਦਰਜੀਤ ਸਿੰਘ ਗੋਸਲ ਦੇ ਘਰ 'ਤੇ ਗੋਲੀਆਂ ਚਲਾਈਆਂ ਗਈਆਂ ਜੋ "ਸਿੱਖਸ ਫਾਰ ਜਸਟਿਸ" ਦੇ ਜਨਰਲ ਕਾਉਂਸਲ ਗੁਰਪਤਵੰਤ ਸਿੰਘ ਪੰਨੂੰ ਦੇ ਨਜ਼ਦੀਕੀ ਸਾਥੀ ਤੇ ਬਾਡੀਗਾਰਡ ਦੇ ਤੌਰ ਤੇ ਵਿਚਰ ਰਿਹਾ ਸੀ। ਗੋਲੀਆਂ ਗੋਸਲ ਦੇ ਨਿਰਮਾਣ ਅਧੀਨ ਘਰ 'ਤੇ ਚਲਾਈਆਂ ਗਈਆਂ ਹਨ, ਜਿੱਥੇ ਉਹ ਰੋਜ਼ਾਨਾ ਆਧਾਰ 'ਤੇ ਉਸਾਰੀ ਦੀ ਨਿਗਰਾਨੀ ਕਰਦਾ ਹੈ।

ਗੋਲੀਬਾਰੀ ਉਸ ਦਿਨ ਵਾਪਰੀ ਹੈ ਜਦੋਂ ਗੋਸਲ ਨੇ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਹੋਣ ਦੇ ਸਤਵੇਂ ਮਹੀਨੇ ਦੀ ਯਾਦ ਵਿਚ 17 ਫਰਵਰੀ ਨੂੰ ਭਾਰਤੀ ਕੌਂਸਲੇਟ ਟੋਰਾਂਟੋ ਵਿਖੇ ਖਾਲਿਸਤਾਨ ਆਜ਼ਾਦੀ ਰੈਲੀ ਦਾ ਐਲਾਨ ਕੀਤਾ ਸੀ ਅਤੇ ਇਸ ਮੁੱਦੇ 'ਤੇ ਭਾਰਤ ਨਾਲ ਚੱਲ ਰਹੇ ਅੜਿੱਕੇ ਵਿਚ ਟਰੂਡੋ ਸਰਕਾਰ ਦਾ ਸਮਰਥਨ ਕੀਤਾ ਸੀ। ਗੋਸਲ ਦੇ ਘਰ ਗੋਲੀਬਾਰੀ ਦੇ ਕੁਝ ਘੰਟਿਆਂ ਦੇ ਅੰਦਰ, ਐਕਸ ਅਕਸ਼ਿਤ ਸਿੰਘ @ਇੰਡੀਅਨਸਿੰਘ ਦੇ ਇੱਕ ਪ੍ਰਮਾਣਿਤ ਭਾਰਤੀ ਖਾਤੇ ਨੇ ਟਵੀਟ ਕੀਤਾ "ਪੰਨੂ ਦੇ ਬਾਡੀਗਾਰਡ ਦੀ ਕੈਨੇਡਾ ਵਿੱਚ ਅਣਪਛਾਤੇ ਬੰਦੂਕਧਾਰੀਆਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਹੈ।

ਗੋਸਲ ਖਾਲਿਸਤਾਨ ਰੈਫਰੈਂਡਮ ਦੇ ਗੁਰਪਤਵੰਤ ਸਿੰਘ ਪੰਨੂੰ ਨਾਲ ਐਸ ਐਫ ਜੇ ਨਾਲ ਨੇੜਿਓਂ ਕੰਮ ਕਰ ਰਿਹਾ ਹੈ ਅਤੇ ਕੈਨੇਡਾ ਵਿਚ ਰੈਫਰੈਂਡਮ ਦੇ ਮੁੱਖ ਕੋਆਰਡੀਨੇਟਰ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਸਤੰਬਰ 2023 ਵਿਚ ਸਰੀ ਵਿਚ ਖਾਲਿਸਤਾਨ ਰੈਫਰੈਂਡਮ ਵੋਟਿੰਗ ਨੂੰ ਆਯੋਜਿਤ ਕਰਨ ਵਿਚ ਅਹਿਮ ਭੂਮਿਕਾ ਨਿਭਾ ਰਿਹਾ ਸੀ। ਨਿੱਜਰ ਨੂੰ 18 ਜੂਨ 2023 ਨੂੰ ਭਾਰਤੀ ਏਜੰਟਾਂ ਦੁਆਰਾ ਗੋਲੀ ਮਾਰ ਕਤਲ ਕਰਨ ਦੀ ਗੱਲ ਕੋਈ ਲੁਕੀ ਛਿਪੀ ਨਹੀਂ।

ਸਿੱਖਸ ਫ਼ਾਰ ਜਸਟਿਸ ਦੇ ਅਟਾਰਨੀ ਜਨਰਲ ਗੁਰਪਰਵੰਤ ਸਿੰਘ ਪੰਨੂ ਨੇ ਕਿਹਾ ਕਿ ਐਸ ਐਫ ਜੇ ਪੰਜਾਬ ਨੂੰ ਭਾਰਤੀ ਕਬਜੇ ਤੋਂ ਆਜ਼ਾਦ ਕਰਵਾਉਣ ਲਈ ਵੋਟਾਂ ਦੀ ਵਰਤੋਂ ਕਰਨ ਲਈ ਤਿਆਰ ਹੈ, ਹਾਲਾਂਕਿ, ਨਿੱਝਰ ਦੀ ਸ਼ਹਾਦਤ ਤੋਂ ਲੈ ਕੇ ਗੋਸਲ 'ਤੇ ਹਮਲੇ ਤੱਕ, ਰੈਫਰੈਂਡਮ ਪ੍ਰਚਾਰਕਾਂ, ਮੋਦੀ ਸ਼ਾਸਨ ਖਾਲਿਸਤਾਨ ਨੂੰ ਰੋਕਣ ਲਈ ਲਗਾਤਾਰ ਹਿੰਸਾ ਦੀ ਵਰਤੋਂ ਕਰ ਰਹੀ ਹੈ। ਜਨਮਤ ਸੰਗ੍ਰਹਿ ਤੋਂ ਪਹਿਲਾਂ 1984 ਵਿੱਚ ਭਾਰਤ ਨੇ ਹਿੰਸਾ ਦੀ ਸ਼ੁਰੂਆਤ ਕੀਤੀ ਸੀ ਜੋ ਇੱਕ ਦਹਾਕੇ ਤੋਂ ਵੱਧ ਸਮੇਂ ਤੱਕ ਚੱਲੀ ਅਤੇ ਦੋਵਾਂ ਪਾਸਿਆਂ ਤੋਂ 100,000+ ਜਾਨਾਂ ਦਾ ਨੁਕਸਾਨ ਹੋਇਆ ਹੁਣ ਫਿਰ ਭਾਰਤ ਨੇ ਖਾਲਿਸਤਾਨ ਰੈਫਰੈਂਡਮ ਨੂੰ ਰੋਕਣ ਲਈ ਹਿੰਸਾ ਦੀ ਵਰਤੋਂ ਕਰ ਰਿਹਾ ਹੈ। ਪੰਨੂੰ ਨੇ ਕਿਹਾ ਇਸ ਤਰ੍ਹਾਂ ਭਾਰਤ ਖਾਲਿਸਤਾਨ ਪੱਖੀ ਸਿੱਖਾਂ 'ਤੇ ਹੋ ਰਹੇ ਹਿੰਸਕ ਹਮਲਿਆਂ ਦਾ ਵਰਤਮਾਨ ਚੱਕਰ ਵਿੱਚ ਪੈ ਗਿਆ। ਇਸ ਮੌਕੇ ਗੋਸਲ ਨੇ ਗੋਲੀਬਾਰੀ ਤੋਂ ਬੇਪ੍ਰਵਾਹ ਹੋ ਕੇ ਕਿਹਾ, "ਕੋਈ ਵੀ ਤਰ੍ਹਾਂ ਦਾ ਸਲੂਕ ਅਤੇ ਹਿੰਸਾ ਮੈਨੂੰ ਅਜਾਦੀ ਦੀ ਵਕਾਲਤ ਕਰਨ ਤੋਂ ਨਹੀਂ ਰੋਕ ਸਕਦੀ। ਗੋਸਲ ਨੇ ਗੋਲੀਬਾਰੀ ਲਈ ਭਾਰਤੀ ਹਾਈ ਕਮਿਸ਼ਨਰ ਵੇਮਾ ਦੀ ਅਗਵਾਈ ਵਾਲੇ ਕੈਨੇਡਾ ਵਿੱਚ ਡਿਪਲੋਮੈਟਿਕ ਮਿਸ਼ਨਾਂ ਤੋਂ ਸੰਚਾਲਿਤ ਭਾਰਤੀ ਜਾਸੂਸ ਨੈਟਵਰਕ ਦੁਆਰਾ ਕੀਤੀ ਗਈ ਕਿਹਾ ਗਿਆ ਹੈ। ਕਨੇਡਾ ਪੁਲਸ ਇਸ ਘਟਨਾ ਦੀ ਬਰੀਕੀ ਨਾਲ ਜਾਂਚ ਕਰ ਰਹੀ ਹੈ ਤਾਂ ਜੋ ਅਸਲ ਮੁਜਰਮਾਂ ਨੂੰ ਫੜਿਆ ਜਾ ਸਕੇ।



ਅੱਜ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜੇ ਵਾਲਿਆਂ ਨਾਲ਼ ਪੰਜ ਮਾਰਚ ਨੂੰ ਪਿੰਡ ਕਾਉਂਕੇ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਦਾ ਇਨਸਾਫ਼ ਲੈਣ ਲਈ ਕੱਢੇ ਜਾ ਰਹੇ ਇਨਸਾਫ਼ ਮਾਰਚ ਨੂੰ ਸਫ਼ਲ ਕਰਨ ਲਈ ਵੀਚਾਰ ਵਟਾਂਦਰਾ ਕੀਤਾ ਗਿਆ । ਇਸ ਤੋਂ ਇਲਾਵਾ ਪੰਥ ਅਤੇ ਕਿਸਾਨਾਂ ਦੇ ਭਖਦੇ ਮਸਲਿਆਂ ਤੇ ਚੱਲ ਰਹੇ ਸੰਘਰਸ਼ ਬਾਰੇ ਵੀ ਗੰਭੀਰ ਵਿਚਾਰ ਵਟਾਂਦਰਾ ਹੋਇਆ। ਸੰਤਾਂ ਮਹਾਪੁਰਸ਼ਾਂ ਦਾ 10 ਫਰਵਰੀ ਦੇ ਨੁਮਾਇੰਦਾ ਇਕੱਠ ਵਿੱਚ ਜਲੰਧਰ ਪਹੁੰਚਣ ਲਈ ਵਿਸ਼ੇਸ਼ ਧੰਨਵਾਦ ਵੀ ਕੀਤਾ ਗਿਆ।.ਇਸ ਮੌਕੇ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜੇ ਵਾਲਿਆਂ ਨੇ ਗਿਆਰਾਂ ਮੈਂਬਰੀ ਤਾਲਮੇਲ ਇਨਸਾਫ਼ ਕਮੇਟੀ ਦੇ ਮੈਂਬਰਾਂ ਦਾ ਸਨਮਾਨ ਵੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘਨੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਹਰਿ ਪ੍ਰਭਿ ਕਾਜੁ ਰਚਾਇਆ ॥
ਗੁਰਮੁਖਿ ਵੀਆਹਣਿ ਆਇਆ ॥

# ਸਾਹਿਬ-ਏ-ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਵਿਆਹ ਪੁਰਬ ਦੀਆਂ ਸਮੂਹ ਖਾਲਸਾ ਪੰਥ ਨੂੰ ਲੱਖ-ਲੱਖ ਵਧਾਈਆਂ





ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ
ਹੈਡ ਗ੍ਰੰਥ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ




ਸ. ਰਘਬੀਰ ਸਿੰਘ
ਮੁੱਖ ਸੰਪਾਦਕ
ਅਵਾਜ਼ਿ ਕੌਮ ਟੀਵੀ ਇੰਗਲੈਂਡ



ਸ. ਗੁਰਜੰਟ ਸਿੰਘ ਖਾਲਸਾ
ਅਵਾਜ਼ਿ ਕੌਮ ਟੀਵੀ
ਇੰਗਲੈਂਡ

## ਵੱਲੋਂ : ਇੰਟਰਨੈਸ਼ਨਲ ਅਦਾਰਾ ਅਵਾਜ਼ਿ ਕੌਮ ਟੀਵੀ ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV




# ਪੂੰਜੀਵਾਦੀ ਕੰਪਨੀਆਂ ਵਲੋਂ ਸਿਆਸੀ ਪਾਰਟੀ ਬਣਾਕੇ ਦੇਸ਼ 'ਤੇ ਕਬਜ਼ਾ ਕਰਣ ਨਾਲ ਕਿਸਾਨਾਂ ਨਾਲ ਹੋ ਰਹੀ ਬੇਇਨਸਾਫ਼ੀ : ਰਾਕੇਸ਼ ਟਿਕੈਤ

## ਜਦੋਂ ਵਿਰੋਧੀ ਧਿਰ ਕਮਜ਼ੋਰ ਹੁੰਦੀ ਹੈ ਤਾਂ ਦੇਸ਼ 'ਚ ਤਾਨਾਸ਼ਾਹ ਪੈਦਾ ਹੁੰਦੇ ਹਨ



ਨਵੀਂ ਦਿੱਲੀ 13 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਕਿਸਾਨਾਂ ਦੇ ਧਰਨੇ ਦੌਰਾਨ ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਕਿਹਾ ਕਿ ਜਦੋਂ ਦੇਸ਼ ਦੀ ਵਿਰੋਧੀ ਧਿਰ ਕਮਜ਼ੋਰ ਹੁੰਦੀ ਹੈ ਤਾਂ ਦੇਸ਼ ਵਿੱਚ ਤਾਨਾਸ਼ਾਹ ਪੈਦਾ ਹੋ ਜਾਂਦੇ ਹਨ।ਸਾਰੀਆਂ ਸਿਆਸੀ ਪਾਰਟੀਆਂ ਇੱਕ ਹਨ।ਜੋ ਸੱਤਾ ਵਿੱਚ ਹਨ ਅਤੇ ਵਿਰੋਧੀ ਧਿਰ ਵਿੱਚ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਸਰਕਾਰ ਬਚਾਉਣੀ ਚਾਹੀਦੀ ਹੈ, ਜਦੋਂ ਦੇਸ਼ ਦਾ ਰਾਜਾ ਕਹਿ ਰਿਹਾ ਹੈ ਕਿ ਅਸੀਂ 400 ਸੀਟਾਂ ਜਿੱਤਾਂਗੇ ਤਾਂ ਦੇਸ਼ 'ਚ ਚੋਣਾਂ ਦੀ ਲੋੜ ਕਿੱਥੇ ਹੈ? ਤੁਹਾਨੂੰ ਇਹ ਚੋਣ ਦੁਬਾਰਾ ਕਰਨੀ ਚਾਹੀਦੀ ਹੈ। ਦੇਸ਼ ਨੂੰ ਪਾਗਲ ਕਿਉਂ ਬਣਾ ਰਹੇ ਹੋ..? ਰਾਕੇਸ਼ ਟਿਕੈਤ ਨੇ ਕਿਹਾ ਕਿ ਦੇਸ਼ 'ਚ ਵੱਡੀਆਂ ਪੂੰਜੀਵਾਦੀ ਕੰਪਨੀਆਂ ਹਨ, ਉਨ੍ਹਾਂ ਨੇ ਸਿਆਸੀ ਪਾਰਟੀ ਬਣਾ ਕੇ ਇਸ ਦੇਸ਼ 'ਤੇ ਕਬਜ਼ਾ ਕਰ ਲਿਆ ਹੈ।ਅਜਿਹੀ ਸਥਿਤੀ ਵਿੱਚ ਕਿਸਾਨਾਂ ਨਾਲ ਕੋਈ ਬੇਇਨਸਾਫ਼ੀ ਹੋਈ ਤਾਂ ਸਮੱਸਿਆਵਾਂ ਪੈਦਾ ਹੋਣਗੀਆਂ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਉਨ੍ਹਾਂ ਲਈ ਕੋਈ ਸਮੱਸਿਆ ਪੈਦਾ ਕਰਦੀ ਹੈ ਤਾਂ ਨਾ ਤਾਂ ਉਹ ਕਿਸਾਨ ਸਾਡੇ ਤੋਂ ਦੂਰ ਹਨ ਅਤੇ ਨਾ ਹੀ ਦਿੱਲੀ ਸਾਡੇ ਤੋਂ ਦੂਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV











20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸੇਵਾ ਵਿੱਚ ਰਹਿ ਕੇ ਸੇਵਾਵਾਂ ਨਿਭਾਉਣ ਵਾਲੇ ਅਤੇ ਸੰਤ ਬਾਬਾ ਬਸੰਤ ਸਿੰਘ ਜੀ ਕਾਰ ਸੇਵਾ ਵਾਲਿਆਂ ਮਹਾਂਪੁਰਸ਼ਾਂ ਦੇ ਭਤੀਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਜੀ ਅਭਿਆਸੀ ਦਾ ਗੁਰਦੁਆਰਾ ਤਪ ਅਸਥਾਨ ਸਾਹਿਬ ਮਲਕਪੁਰ ਵਿਖੇ ਬਾਬਾ ਸਰਵਨ ਸਿੰਘ ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲਿਆਂ ਵੱਲੋਂ ਕੀਤਾ ਗਿਆ ਵਿਸ਼ੇਸ਼ ਸਨਮਾਨ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## SKM ਸ਼ੰਭੂ ਬਾਰਡਰ 'ਤੇ ਕਿਸਾਨਾਂ 'ਤੇ ਹੋਏ ਜਬਰ ਦੀ ਸਖ਼ਤ ਨਿੰਦਾ ਕਰਦੀ ਹੈ

# 16 ਫਰਵਰੀ 2024 ਨੂੰ ਪੂਰੇ ਭਾਰਤ ਵਿੱਚ ਵਿਰੋਧ ਪ੍ਰਦਰਸ਼ਨ ਦਾ ਸੱਦਾ

## SKM ਨੇ ਪ੍ਰਧਾਨ ਮੰਤਰੀ ਨੂੰ ਪੱਤਰ ਭੇਜ ਕੇ ਚਰਚਾ ਦੀ ਮੰਗ ਕੀਤੀ

**ਚੰਡੀਗੜ੍ਹ, 13 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਾਂਝੇ ਵਿਚਾਰਾਂ ਵਾਲੀਆਂ ਕਿਸਾਨ ਜਥੇਬੰਦੀਆਂ ਨੂੰ ਸਾਂਝੀਆਂ ਮੰਗਾਂ 'ਤੇ ਸਾਂਝੇ ਸੰਘਰਸ਼ ਨੂੰ ਉਸਾਰਨ ਦੀ ਅਪੀਲ ਕਰੋ

ਮੋਦੀ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਕਿਸਾਨ ਅੰਦੋਲਨ ਇੱਕਜੁੱਟ ਅਤੇ ਇੱਕਮੁੱਠ ਹੋ ਕੇ ਵਿਰੋਧ ਕਰਨ ਲਈ ਜਮਹੂਰੀ ਅਧਿਕਾਰਾਂ 'ਤੇ ਕਿਸੇ ਵੀ ਹਮਲੇ ਦਾ ਡਟ ਕੇ ਵਿਰੋਧ ਕਰੇਗਾ

SKM ਨੇ ਕਿਸਾਨ ਜਥੇਬੰਦੀਆਂ ਦੇ ਦਿੱਲੀ ਚਲੋ ਮਾਰਚ ਨੂੰ ਰੋਕਣ ਲਈ ਸਰਕਾਰੀ ਸ਼ਕਤੀ ਦੀ ਬੇਤਹਾਸ਼ਾ ਵਰਤੋਂ ਕਰਨ ਅਤੇ ਲਾਠੀਚਾਰਜ, ਰਬੜ ਦੀ ਗੋਲੀ, ਅੱਥਰੂ ਗੈਸ ਦੇ ਗੋਲੇ ਸੁੱਟਣ ਅਤੇ ਸਮੂਹਿਕ ਗ੍ਰਿਫਤਾਰੀਆਂ ਕਰਨ ਲਈ ਮੋਦੀ ਸਰਕਾਰ ਦਾ ਸਖ਼ਤ ਵਿਰੋਧ ਕੀਤਾ ਅਤੇ ਨਿੰਦਾ ਕੀਤੀ। ਹੈਰਾਨੀ ਦੀ ਗੱਲ ਹੈ ਕਿ ਪ੍ਰਸ਼ਾਸਨ ਵੱਲੋਂ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਸੁੱਟਣ ਲਈ ਡਰੋਨ ਦੀ ਵਰਤੋਂ ਕੀਤੀ ਗਈ।

SKM ਭਾਰਤ ਭਰ ਦੀਆਂ ਆਪਣੀਆਂ ਸਾਰੀਆਂ ਮੈਂਬਰ ਜਥੇਬੰਦੀਆਂ ਅਤੇ ਉਨ੍ਹਾਂ ਦੀਆਂ ਇਕਾਈਆਂ ਨੂੰ 16 ਫਰਵਰੀ 2024 ਨੂੰ ਪੂਰੇ ਭਾਰਤ ਦੇ ਸਾਰੇ ਪਿੰਡਾਂ ਵਿੱਚ ਪੰਜਾਬ ਵਿੱਚ ਕਿਸਾਨਾਂ 'ਤੇ ਹੋਏ ਹਮਲੇ ਦਾ ਜ਼ੋਰਦਾਰ ਵਿਰੋਧ ਕਰਨ ਅਤੇ ਭਾਰਤ ਭਰ ਵਿੱਚ ਗ੍ਰਾਮੀਣ ਬੰਦ ਅਤੇ ਉਦਯੋਗਿਕ/ਖੇਤਰੀ ਹੜਤਾਲ ਨੂੰ ਹੋਰ ਵਿਸ਼ਾਲ, ਵਿਆਪਕ ਅਤੇ ਸਫਲ ਬਣਾਉਣ ਦਾ ਸੱਦਾ ਦਿੰਦੀ ਹੈ। . ਕਿਸਾਨਾਂ ਦੇ ਸ਼ਾਂਤਮਈ ਸੰਘਰਸ਼ 'ਤੇ ਹਮਲਾ ਕਰਨ ਲਈ ਪੁਲਿਸ ਅਤੇ ਹਥਿਆਰਬੰਦ ਸੁਰੱਖਿਆ ਬਲਾਂ ਦੀ ਬੇਕਦਰੀ ਇਹ ਦਰਸਾਉਂਦੀ ਹੈ ਕਿ ਮੋਦੀ ਸਰਕਾਰ ਲੋਕਾਂ ਦਾ ਭਰੋਸਾ ਗੁਆ ਚੁੱਕੀ ਹੈ। ਲੋਕਤੰਤਰੀ ਸਮਾਜ ਵਿੱਚ ਹਰ ਨਾਗਰਿਕ ਨੂੰ ਸ਼ਾਂਤੀਪੂਰਵਕ ਵਿਰੋਧ ਕਰਨ ਦਾ ਅਧਿਕਾਰ ਹੈ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਦੇ ਹਰ ਵਰਗ ਦੇ ਭਖਦੇ ਮਸਲਿਆਂ ਨੂੰ ਹੱਲ ਕਰੇ ਅਤੇ ਉਨ੍ਹਾਂ ਦੀ ਰੋਜ਼ੀ-ਰੋਟੀ ਦੀ ਰਾਖੀ ਲਈ ਠੋਸ ਮੰਗਾਂ ਦਾ ਹੱਲ ਕਰੇ।

SKM ਨੇ ਮੋਦੀ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੜਕਾਂ 'ਤੇ ਆਉਣ ਲਈ ਮਜਬੂਰ ਲੋਕਾਂ ਨੂੰ ਸਰਕਾਰ ਜਾਂ ਦੇਸ਼ ਦੇ ਦੁਸ਼ਮਣ ਨਾ ਸਮਝੇ। ਕਿਸਾਨਾਂ ਦੀ ਮੁੱਖ ਮੰਗ MSP@C2+50% ਭਾਜਪਾ ਅਤੇ ਮੌਜੂਦਾ ਪ੍ਰਧਾਨ ਮੰਤਰੀ ਵੱਲੋਂ 2014 ਦੇ ਚੋਣ ਮੈਨੀਫੈਸਟੋ ਵਿੱਚ ਵਾਅਦਾ ਕੀਤਾ ਗਿਆ ਸੀ ਅਤੇ 10 ਸਾਲ ਬਾਅਦ ਵੀ ਇਹ ਵਾਅਦਾ ਲਾਗੂ ਨਹੀਂ ਕੀਤਾ ਗਿਆ।

ਐਸਕੇਐਮ ਨੇ ਪ੍ਰਧਾਨ ਮੰਤਰੀ ਨੂੰ ਇੱਕ ਪੱਤਰ ਲਿਖ ਕੇ ਦਿੱਲੀ ਚੱਲੋ ਵਿਰੋਧ ਜਥੇਬੰਦ ਕਰਨ ਅਤੇ ਕਿਸਾਨਾਂ-ਮਜ਼ਦੂਰਾਂ ਦੇ ਸੰਘਰਸ਼ ਨੂੰ ਗੱਲਬਾਤ ਰਾਹੀਂ ਹੱਲ ਕਰਨ ਲਈ ਫੌਜਾਂ ਨੂੰ ਤੁਰੰਤ ਵਾਪਸ ਲੈਣ ਅਤੇ ਕਿਸਾਨਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਦੀ ਅਪੀਲ ਕੀਤੀ ਹੈ। SKM ਨੇ ਸਾਰੀਆਂ ਸਮਾਨ ਸੋਚ ਵਾਲੀਆਂ ਜਥੇਬੰਦੀਆਂ ਨੂੰ ਸਾਂਝੀਆਂ ਮੰਗਾਂ 'ਤੇ ਇੱਕਜੁੱਟ ਮੁੱਦੇ 'ਤੇ ਅਧਾਰਤ ਸੰਘਰਸ਼ ਵਿੱਢਣ ਲਈ ਅੱਗੇ ਆਉਣ ਦੀ ਅਪੀਲ ਕੀਤੀ ਹੈ।